ਵਿਆਹਾਂ ਵਾਸਤੇ ਭਾਜੀ, ਨਿਸ਼ਾਨੀ, ਤਾਜਾ ਮਠਿਆਈ ਅਤੇ
ਹਰ ਤਰ੍ਹਾਂ ਦੀ ਕੇਟਰਿੰਗ ਵਾਸਤੇ ਸੰਪਰਕ ਕਰੋ
250-730-4000, 855-800-6582
ਵੀਰਜੀ ਹਵੇਲੀ ਕਲੀਅਰਬਰੁੱਕ ਰੋਡ ਐਬਟਸਫੋਰਡ

+91 77175-02848
+91 98146-12006
+91 99882-68982
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
(ਇਸ਼ਤਿਹਾਰ ਸਫਾ ਬੀ24 ਤੇ ਦੇਖੋ)
+1 778-899-1576
+1 778-207-8100
EAGLE EYE
PICK & DROP
CAR RENTALS & TAXI SERVICE
24 HOURS DELHI AIRPORT SERVICE

ਪੰਜਾਬ ਗਾਰਡੀਅਨ ਐਬਟਸਫੋਰਡ
PUNJAB GUARDIAN
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish | ALBERTA Edmonton Calgary | ONTARIO Otttawa, Brampton Toronto | QUEBEC Montreal | USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 33, Issue No.38 Ending Date: Sep 18, 2026

Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)

ਲਖਜੀਤ ਸਿੰਘ ਸਾਰੰਗ
604-613-9100
Super Visa
Travel, Disability
Group Insurance
Life Insurance
Critical Illness
RESP, RRSP
TFSA, FHSA
EXPERIOR FINANCIAL GROUP INC.
LAKHJIT SARAN
604-613-9100

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਐਬਟਸਫੋਰਡ ਵਿੱਚ ਸਜਾਏ ਗਏ ਮਹਾਨ ਨਗਰ ਕੀਰਤਨ

ਐਬਟਸਫੋਰਟ (ਮਾਸਟਰ ਮਨਜੀਤ ਸਿੰਘ ਦਿਉਲ):6 ਸਤੰਬਰ ਐਤਵਾਰ ਵਾਲੇ ਦਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਬੜੀ ਹੀ ਸ਼ਰਧਾ ਭਾਵਨਾ ਨਾਲ ਬਹੁਤ ਵੱਡੇ ਨਗਰ ਕੀਰਤਨ ਦੀ ਸ਼ੁਰੂਆਤ ਗੁਰਦੁਆਰਾ ਕਲਗੀਧਰ ਦਰਬਾਰ ਐਬਟਸਫੋਰਡ ਤੋਂ ਸਵੇਰੇ 11 ਵਜੇ ਹੋਈ। ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਹਜੂਰੀਏ ਸਿੰਘ ਸਾਹਿਬ ਗਿਆਨੀ ਗੁਰਚਰਨ ਸਿੰਘ ਨੇ ਅਰਦਾਸ ਕੀਤੀ ਅਤੇ ਨਗਰ ਕੀਰਤਨ ਨੇ ਚਾਲੇ ਪਾਏ। ਗੁਰਦੁਆਰਾ ਕਲਗੀਧਰ ਦਰਬਾਰ ਦੇ ਮੁੱਖ ਸੇਵਾਦਾਰ ਅਤੇ ਸਮੂਹ ਕਮੇਟੀ ਮੈਂਬਰ ਵਲੰਟਰੀਅਰ ਆਪੋ ਆਪਣੀ ਜਿੰਮੇਵਾਰੀ ਤਨਦੇਹੀ ਨਾਲ ਨਿਭਾਅ ਰਹੇ ਸਨ। ਇਸ ਵਾਰ ਚੰਗੇ-ਚੰਗੇ ਰਾਗੀ ਢਾਡੀ ਕਥਾ ਵਾਚਕ ਅਤੇ ਵਿਦਵਾਨਾਂ ਨੂੰ ਬੁਲਾ ਕੇ ਵੱਧ ਤੋਂ ਵੱਧ ਸਿੱਖੀ ਦਾ ਪ੍ਰਚਾਰ ਕੀਤਾ ਗਿਆ। ਗੁਰੂ ਸਾਹਿਬ ਨੇ ਕੌਮ ਨੂੰ ਨਵੀਂ ਦਿਸ਼ਾ ਵਿਖਾ ਕੇ ਕਰਮਕਾਂਡਾਂ ਵਿੱਚੋਂ ਬਾਹਰ ਕੱਢਿਆ। ਗੁਰੂ ਸਾਹਿਬਾਨ ਦੀ ਬਾਣੀ ਸ਼ਬਦ ਗੁਰੂ ਸਭ ਦਾ ਬਰਾਬਰ ਸਤਿਕਾਰ ਕਰਨ ਦਾ ਸੁਨੇਹਾ ਦਿੰਦੀ ਹੈ। ਇਸ ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਫਲੋਟ ਨੂੰ ਛੱਡ ਕੇ ਬਾਕੀ ਸਭ ਫਲੋਟਾਂ ਨੂੰ ਨੰਬਰ ਅਲਾਟ ਕੀਤੇ ਹੋਏ ਸਨ। ਗਤਕੇ ਦੀਆਂ ਟੀਮਾਂ ਆਪਣੇ ਜੌਹਰ ਦਿਖਾ ਰਹੀਆਂ ਸਨ। ਢਾਡੀ ਜਥੇ ਵਾਰਾਂ ਗਾ ਕੇ ਜੋਸ਼ ਭਰ ਰਹੇ ਸਨ। ਸੰਗਤਾਂ ਵੱਲੋਂ ਥਾਂ-ਥਾਂ ਖਾਣ ਪੀਣ ਦੇ ਸਟਾਲ ਲਗਾਏ ਸਨ। ਸਿੱਖ ਸੰਗਤਾਂ ਬਹੁਤ ਹੀ ਸ਼ਰਧਾ ਪ੍ਰੇਮ ਨਾਲ ਛੱਕ ਰਹੀਆਂ ਸਨ। ਇਸ ਤੋਂ ਇਲਾਵਾ ਕਿਤਾਬਾਂ ਦੇ ਲੰਗਰ ਵੀ ਲੱਗੇ ਹੋਏ ਸਨ ਵੱਡੀ ਪੱਧਰ ਤੇ ਸਾਹਿਤ ਵੰਡਿਆ ਜਾ



ਰਿਹਾ ਸੀ। ਐਬਟਸਫੋਰਡ ਦੇ ਲੋਕ ਸਭਾ ਮੈਂਬਰ ਸੁਖਮਨ ਸਿੰਘ ਗਿੱਲ ਨੇ ਸਭ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਤੇ ਕਿਹਾ ਸਾਡੀ ਕਮਿਊਨਿਟੀ ਬਹੁਤ ਤਰੱਕੀ ਕਰ ਰਹੀ ਹੈ। ਅਸੀਂ ਸਭ ਦੇ ਨਾਲ ਖੜੇ ਹਾਂ। ਲਖਵਿੰਦਰ ਕੌਰ ਪਾਰਟੀ ਲੀਡਰ ਨੇ ਵੀ ਵਧਾਈਆਂ ਦਿੱਤੀਆਂ। ਡਾਕਟਰ ਪ੍ਰਗਟ ਸਿੰਘ ਭੁਰਜੀ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਐਤਕੀ ਨਗਰ ਕੀਰਤਨ ਪਿਛਲੇ ਸਾਲ ਨਾਲੋਂ ਵਧੀਆ ਢੰਗ ਨਾਲ ਸੰਪੂਰਨ ਹੋਇਆ। ਇਸ ਵਿੱਚ ਸੰਗਤਾਂ ਦਾ ਇਕੱਠ ਪਿਛਲੇ ਸਾਲ ਨਾਲੋਂ ਦੁੱਗਣਾ ਕਿਹਾ ਜਾ ਸਕਦਾ ਹੈ। ਸ਼ਾਮ ਨੂੰ ਕਲਗੀਧਰ ਪਾਰਕ ਵਿੱਚ ਸਜੇ ਦੀਵਾਨਾਂ ਵਿੱਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਨਾਲ ਵਿਸ਼ੇਸ਼ ਗੱਲਬਾਤ ਕੀਤੀ ਗਈ। ਗੁਰੂਘਰ ਦੇ ਮੁੱਖ ਸਕੱਤਰ ਭਾਈ ਬਾਜ਼ ਸਿੰਘ ਜੱਸਲ ਨੇ ਖੁਸ਼ੀ ਦਾ (ਬਾਕੀ ਸਫਾ ਬੀ-15 ਤੇ ਪੜ੍ਹੋ)

## ਗੁ. ਕਲਗੀਧਰ ਦਰਬਾਰ ਐਬਟਸਫੋਰਡ ਦੀ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦਾ ਬਹੁਤ-ਬਹੁਤ ਧੰਨਵਾਦ



Award Winner Realtor in Fraser Valley
*RESIDENTIAL *COMMERCIAL *AGRICULTURAL
ਘਰ, ਬੇਰੀ ਫਾਰਮ, ਖਾਲੀ ਜ਼ਮੀਨ, ਲਾਟ ਜਾਂ ਵਪਾਰਕ ਜਾਇਦਾਦ ਖਰੀਦਣ ਜਾਂ ਵੇਚਣ ਵੇਲੇ ਵਾਜਬ ਰੇਟ ਅਤੇ ਸ਼ਾਨਦਾਰ ਸੇਵਾਵਾਂ ਲਈ ਹਮੇਸ਼ਾਂ ਯਾਦ ਰੱਖੋ
2026
DR. GURVINDER SINGH DHALIWAL®
ਡਾ. ਗੁਰਵਿੰਦਰ ਸਿੰਘ ਧਾਲੀਵਾਲ PERSONAL REAL ESTATE CORPORATION M.A., Ph.D
604-825-1550
gurvindersinghprec@gmail.com
WEBSITE:WWW.GURVINDERSINGHDHALIWAL.COM

ਸੁਪਰ ਵੀਜ਼ਾ ਦੇ ਲਈ ਵਿਜ਼ਟਰ ਇਨਸ਼ੋਰੈਂਸ
ਵੀਜ਼ਾ ਨਾ ਲਗਣ ਤੇ 100% ਪੈਸੇ ਵਾਪਸ
"ਬੈਂਕ ਮੋਰਟਗੇਜ ਇੰਸ਼ੋਰੈਂਸ ਲੈਣ ਤੋਂ ਪਹਿਲਾਂ ਜਾਂ ਜੇ ਤੁਹਾਡੇ ਕੋਲ ਪਹਿਲਾਂ ਹੀ ਬੈਂਕ ਮੋਰਟਗੇਜ ਇੰਸ਼ੋਰੈਂਸ ਹੈ ਤਾਂ ਤੁਹਾਨੂੰ ਪਰਸਨਲ ਇੰਸ਼ੋਰੈਂਸ ਲਈ ਜਾਣਾ ਚਾਹੀਦਾ ਹੈ।"
• ਲਾਈਫ ਇੰਸ਼ੋਰੈਂਸ • ਟਰੈਵਲ ਇੰਸ਼ੋਰੈਂਸ • ਵਿਜ਼ਟਰ ਇੰਸ਼ੋਰੈਂਸ
• ਡੈਂਟਲ ਤੇ ਮੈਡੀਕਲ ਪਲੈਨ • ਆਰ ਈ ਐਸੱ ਪੀ, ਆਰ ਆਰ ਐਸੱ ਪੀ
• ਮਨੀ-ਬੈਕ ਟਰਮ ਇੰਸ਼ੋਰੈਂਸ
• ਕ੍ਰਿਟੀਕਲ ਇਲਨੈਸ ਇੰਸ਼ੋਰੈਂਸ
• ਪਰੋਵਿੰਸ ਤੋਂ ਬਾਹਰ ਕਵਰੇਜ
• ਸਪੈਸ਼ਲ ਡਿਸਅਬਿਲਿਟੀ ਇੰਸ਼ੋਰੈਂਸ ਟੈਕਸੀ ਤੇ ਟਰੱਕ ਡਰਾਈਵਰਾਂ ਵਾਸਤੇ
ਅਸੀ ਘਰਾਂ ਅਤੇ ਕਾਰਾਂ ਦੀ ਇੰਸ਼ੋਰੈਂਸ ਵੀ ਕਰਦੇ ਹਾਂ
Insurance ਸਾਡੇ ਕੋਲ 10, 15, 20 ਸਾਲਾਂ ਦੇ ਗਰੰਟਿਡ ਪਲੈਨ ਹਨ।
ਜਸਵੀਰ ਗਰੇਵਾਲ
778 317 6262
JasvirGrewal0596@Gmail.com
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

A-CLASS FOREIGN EXCHANGE
ਤੁਸੀਂ ਇੰਡੀਆ ਨੂੰ ਪੈਸੇ ਜਿਸ ਰਾਹੀਂ ਮਰਜ਼ੀ ਭੇਜੋ ਪਰ ਸਾਡੇ ਨਾਲ ਰੇਟ ਜ਼ਰੂਰ ਚੈਕ ਕਰੋ
24 ਘੰਟਿਆਂ 'ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੱਡੀਆਂ
Punjab Travels
#204-2642 Ceder Park Place Abbotsford
604-825-2222

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਲੰਮੇ ਸਮੇਂ ਤੋਂ ਭਰੋਸੇ ਯੋਗ ਸੇਵਾਵਾਂ | ਡਾਲਰ ਦਾ ਸਭ ਤੋਂ ਵਧੀਆ ਰੇਟ
604-562-7000, 604-314-0000
#397-8148-128 ST. (PAYAL BUSINESS CENTRE) SURREY

ਗੁਰੂ ਨਾਨਕ ਜਿਊਲਰਜ਼ ਲਿਮ.
24k & 22k Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

ਵਰਕਰਾਂ ਦੀ ਲੋੜ
ਲੋਅਰ ਮੇਨਲੈਂਡ ਦੀ ਮਸ਼ਹੂਰ ਤੇ ਪੁਰਾਣੀ ਕੰਪਨੀ ਜੈਸ ਕੰਸਟਰਕਸ਼ਨ ਨੂੰ ਫਰੇਮਿੰਗ ਦੇ ਕੰਮ ਲਈ ਤਜਰਬੇਕਾਰ ਅਤੇ ਬਿਨਾ ਤਜਰਬੇ ਤੋਂ ਵਰਕਰਾਂ ਦੀ ਤੁਰੰਤ ਲੋੜ ਹੈ। ਰਾਈਡ ਦਾ ਪ੍ਰਬੰਧ ਹੋਵੇਗਾ।
ਤਨਖਾਹ $15-$30 ਪ੍ਰਤੀ ਘੰਟਾ
6 ਦਿਨ ਕੰਮ, 10 ਘੰਟੇ ਰੋਜਾਨਾ
Ph:604-209-2722

MOHIE Travel Ltd.
#122-32083 Hillcrest Ave, Abbotsford
• DOMESTIC & INTERNATIONAL TICKETS • TOURS • CRUISES
ਅਸੀਂ ਪਾਸਪੋਰਟ ਬਣਾਉਣ ਲਈ ਹਰੇਕ ਤਰ੍ਹਾਂ ਦੇ ਫਾਰਮ ਭਰਦੇ ਹਾਂ
ਟਰੈਵਲ ਟਿਕਟ ਸਰਵਿਸਿਜ਼
Contact Jarnail S Maan 604-746-9222
Email:mohietravel@gmail.com

Universal Auto Collision Ltd.
• ICBC Claims • Private Claims • Free Courtesy Cars
• Auto Glass Replacement • Free Estimates
We Moved To New Location
27441-FRASER HWY. ALDERGROVE, BC
ਆਈ. ਸੀ. ਬੀ. ਕਲੇਮਜ਼ ਪ੍ਰਾਈਵੇਟ ਕਲੇਮਜ਼ ਫਰੀ ਐਸਟੀਮੇਟ
ਫਰੀ ਕਰਟਸੀ ਕਾਰ ਆਟੋ ਗਲਾਸ ਰਿਪਲੇਸਮੈਂਟ
Fax: 604-596-3800 Ph. 604-596-2800
Satisfaction Guarantee

PACIFIC NURSERIES
*Certified Imported from USA
*High Quality & Healty Plants
*Ready to Plant *Potted in One Gallon
ONLY FOR WHOLESALERS
TO BOOK YOUR ORDER CONTACT:
ਬਲਿਊਬੇਰੀ (ਡਿਊਕ) ਅਤੇ ਸੀਡਰ ਹੈਜਿੰਗ ਪਲਾਂਟ ਤਿਆਰ ਹਨ
778-552-0305


FARM AND SPICE
FARM AND SPICE
Weekly Special
Ganesh Idols & Modak Available
*Special Sampling in Certain Stores*
Sep 11 - 17
ਲੰਬੀ ਮਿਰਚ Hot Long Chilli Per lb $1.79
ਰੁਸੈਟ ਆਲੂ Russet Potatoes 10 Lbs Each $3.99
ਅਦਰਕ Ginger Per lb $1.49
ਆਵਾਕੈਡੋ Avocado Each $0.99
ਗਾਜਰ Red Fruit Carrot Per lb $1.49
ਸੇਬ Apple Gala BC Per lb $0.99
ਸਨਤਰੇ Large Oranges Per lb $0.99
ਭਿੰਡੀ Indian Okra Per lb $3.49
ਪੀਪੇ ਵਾਲੇ ਬਿਸਕੁਟ Canteen Desi / Gur Saunf Biscuit 2.2 Lbs $6.99
ਕਨੋਲਾ ਤੇਲ Canaddin Pride Canola Oil 3 Ltrs $10.99
ਰੈਡ ਲੇਬਲ ਚਾਹ Red Label Tea 900 gms $10.99
ਕਨਟੀਨ ਪੇਸੀ ਗੁੜ Canteen Pesi Gur 2 Lbs $3.99
ਸਵੇਰਾ ਪਨੀਰ Savera Paneer 341 gms $3.99
ਨੋਵਾਰਾ ਬਾਸਮਤੀ Novaraa Basmati 5 Kg $9.99
ਵੇਰਕਾ ਦੇਸੀ ਘਿਓ Verka Desi Ghee 3 Kg $39.99
ਬਾਜ਼ ਆਟਾ Baaz Drum Wheat Atta 20 Lbs $10.99
*while supply last
Open 7 Days a Week 8:30 am to 10:00 pm
farmandspice.com
#9546-9548 Scott Town Plaza 96 Ave Scott Road Surrey
# 09-10 12830 96 Ave. Surrey BC | Tel: 604 930 7742
# 103-104 14320 64 Ave. Surrey BC | Tel: 604 593 6323

# ਬੇਗਮਪੁਰਾ ‘ਤੇ ਖਾਲਿਸਤਾਨ ਦਾ ਸਿਧਾਂਤ ਇੱਕੋ ਹੈ ਵੱਖਰਾ ਨਹੀਂ:ਅਕਾਲੀ ਦਲ (ਅ)

ਮਾਲੇਰਕੋਟਲਾ/ਅਮਰਗੜ੍ਹ:ਸ਼੍ਰੋਮਣੀ ਅਕਾਲੀ ਦਲ ਅੰਮਿਤਸਰ ਦੇ ਕੌਮੀ ਜਰਨਲ ਸਕੱਤਰ ਮਾ ਕਰਨੈਲ ਸਿੰਘ ਨਾਰੀਕੇ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਹਮੇਸ਼ਾ ਹੀ ਮੀਰੀ ਪੀਰੀ ਦੇ ਸਿਧਾਂਤ ਤੇ ਪਹਿਰਾ ਦਿੱਤਾ ਹੈ,ਕਿਉਂਕਿ ਸਿੱਖ ਕੌਮ ਦਾ ਸਿਧਾਂਤ ਤਾਂ ਹਰ ਤਰ੍ਹਾਂ ਦੇ ਜ਼ਬਰ-ਜੁਲਮ, ਬੇਇਨਸਾਫ਼ੀ ਅਤੇ ਵਿਤਕਰੇ ਵਿਰੁੱਧ ਦ੍ਰਿੜਤਾ ਨਾਲ ਆਵਾਜ਼ ਬੁਲੰਦ ਕਰਨ ਦੇ ਨਾਲ-ਨਾਲ ਗਰੀਬਾਂ, ਮਜ਼ਲੂਮਾਂ, ਸਮਾਜ ਦੇ ਲਤਾੜੇ ਵਰਗਾਂ ਦੇ ਨਾਲ ਹੋਣ ਵਾਲੀਆ ਬੇਇਨਸਾਫ਼ੀਆਂ ਨੂੰ ਖਤਮ ਕਰਵਾਕੇ ਬਰਾਬਰਤਾ ਦੀ ਸੋਚ ਨੂੰ ਮਜ਼ਬੂਤ ਕਰਨਾ ਰਿਹਾ ਹੈ।ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਕ੍ਰਮਵਾਰ ਆਪਣੇ ਮੁਖਾਰਬਿੰਦ ਤੋਂ ‘ਸਭਨਾ ਜੀਆ ਕਾ ਇਕੁ ਦਾਤਾ ਅਤੇ ਮਾਨਸਿ ਕੀ ਜਾਤਿ ਸਭੈ ਏਕੋ ਪਹਿਚਾਨਬੋ ਦੇ ਸ਼ਬਦ ਉਚਾਰਕੇ ਬਹੁਤ ਪਹਿਲੇ ਜਾਤ-ਪਾਤ, ਊਚ-ਨੀਚ, ਅਮੀਰ- ਗਰੀਬ ਦੇ ਪਾੜੇ ਨੂੰ ਪੂਰਨ ਰੂਪ ਵਿਚ ਖਤਮ ਕਰਕੇ ਬਰਾਬਰਤਾ ਦੀ ਸੋਚ ਨੂੰ ਪ੍ਰਫੁੱਲਿਤ ਕੀਤਾ।ਉਨਾਂ ਕਿਹਾ ਕਿ ਗਰੀਬ,ਪੱਛੜੇ ਵਰਗਾਂ ਤੇ ਜ਼ੁਲਮ ਕਰਨਾ ਆਪਣੀ ਸਿੱਖੀ ਮਨੁੱਖਤਾ ਪੱਖੀ ਸੋਚ ਨੂੰ ਸੱਟ ਮਾਰਨਾ ਤਾਂ ਕਿਸੇ ਤਰ੍ਹਾਂ ਵੀ ਮੁਨਾਸਿਬ ਨਹੀ ਹੈ।ਅਜਿਹੇ ਅਮਲਾਂ ਦੀ ਸਿੱਖੀ ਸੋਚ ਸਾਨੂੰ ਕਤਈ ਇਜਾਜਤ ਨਹੀ ਦਿੰਦਾ।ਉਨ੍ਹਾਂ ਜਾਤ ਦਾ ਅਪਮਾਨ ਕਰਨ ਵਾਲੇ’ ਦੀ ਸਿੱਖ ਵਿਰੋਧੀ ਸੋਚ ਵਾਲੀਆ ਕਾਰਵਾਈਆ ਉਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਅਤੇ ਅਜਿਹੇ ਅਮਲਾਂ ਦੀ ਬਦੌਲਤ ਖ਼ਾਲਿਸਤਾਨ (ਬੇਗਮਪੁਰਾ) ਦੀ ਆਜ਼ਾਦੀ ਦੀ ਸੋਚ ਨੂੰ ਸੱਟ ਮਾਰਨ ਵਾਲੀਆ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹੀ ਵਜਹ ਹੈ ਕਿ ਇੰਡੀਅਨ ਵਿਧਾਨਘਾੜਤਾ ਕਮੇਟੀ ਦੇ 2 ਸਿੱਖ ਨੁਮਾਇੰਦਿਆ ਜਿਨ੍ਹਾਂ ਵਿਚ ਸ. ਹੁਕਮ ਸਿੰਘ ਅਤੇ ਸ. ਭੁਪਿੰਦਰ ਸਿੰਘ ਮਾਨ ਸਨ, ਉਨ੍ਹਾਂ ਨੇ ਸਿੱਖਾਂ ਨਾਲ ਹਿੰਦੂ ਆਗੂਆ ਵੱਲੋਂ ਕੀਤੇ ਵਾਅਦਿਆ ਤੋਂ ਮੁਨਕਰ ਹੋਣ ਅਤੇ ਸਿੱਖਾਂ ਨਾਲ ਧੋਖਾ ਕਰਨ ਦੀ ਬਦੌਲਤ ਹੀ ਇੰਡੀਅਨ ਵਿਧਾਨ ਉਤੇ ਦਸਤਖਤ ਨਾ ਕਰਕੇ ਉਸੇ ਸਮੇਂ ਇਸ ਵਿਧਾਨ ਨੂੰ ਰੱਦ ਕਰ ਦਿੱਤਾ ਸੀ।ਇਹ ਇੰਡੀਅਨ ਵਿਧਾਨ ਦੀ ਧਾਰਾ 25 ਸਾਨੂੰ ਕਾਨੂੰਨੀ ਤੌਰ ਤੇ ਹਿੰਦੂ ਗਰਦਾਨਦੀ ਹੈ।ਕਿਉਂਕਿ ਇਹ ਕਹਿੰਦੇ ਹਨ ਕਿ ਸਿੱਖ ਹਿੰਦੂਆ ਦਾ ਹੀ ਇਕ ਹਿੱਸਾ ਹਨ।ਉਨ੍ਹਾਂ ਕਿਹਾ ਕਿ ਡਾ. ਅੰਬੇਦਕਰ ਦੀ ਸੋਚ ਤਾਂ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਦੀ ਸਰਬੱਤ ਦੇ ਭਲੇ’ ਵਾਲੀ ਅਤੇ ਬਰਾਬਰਤਾ ਵਾਲੀ ਸੋਚ ਨੂੰ ਪ੍ਰਫੁੱਲਿਤ ਕਰਕੇ ਸਮਾਜ ਦੇ ਲਤਾੜੇ ਵਰਗਾਂ ਵਿਚੋਂ ਹੀਣ ਭਾਵਨਾ ਨੂੰ ਖਤਮ ਕਰਨਾ ਹੈ।ਇਥੇ ਇਹ ਵੀ ਵਰਣਨ ਕਰਨਾ ਜ਼ਰੂਰੀ ਹੈ ਕਿ ਭਾਈ ਬਚਿੱਤਰ ਸਿੰਘ ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਕਿਰਪਾ ਨਾਲ ਦੁਸਮਣ ਫ਼ੌਜਾਂ ਦੇ ਹਾਥੀ ਦੇ ਸਿਰ ਵਿਚ ਨਾਗਣੀ ਮਾਰਕੇ ਖ਼ਾਲਸਾਈ ਫ਼ੌਜਾਂ ਨੂੰ ਫ਼ਤਹਿ ਦਿਵਾਉਣ ਵਿਚ ਯੋਗਦਾਨ ਪਾਇਆ ਸੀ, ਉਹ ਵੀ ਤਾਂ ਉਸ ਵਰਗ ਵਿਚੋਂ ਹਨ, ਜਿਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ‘ਰੰਘਰੇਟੇ ਗੁਰੂ ਕੇ ਬੇਟੇ’ ਦਾ ਸਨਮਾਨ ਦੇ ਕੇ ਆਪਣੇ ਸੀਨੇ ਨਾਲ ਲਗਾਕੇ ਸਨਮਾਨ ਦਿੱਤਾ ਸੀ।ਫਿਰ ਸ਼ਹੀਦ ਭਾਈ ਬੇਅੰਤ ਸਿੰਘ, ਭਾਈ ਕੇਹਰ ਸਿੰਘ ਜੀ ਜਿਨ੍ਹਾਂ ਨੇ ਸਿੱਖ ਕੌਮ ਦੀ ਲੱਥੀ ਦਸਤਾਰ ਨੂੰ ਆਪਣੀਆ ਕੁਰਬਾਨੀਆ ਦੇ ਕੇ’ ਫਿਰ ਸਿੱਖ ਕੌਮ ਦੇ ਸਿਰ ਉਪਰ ਸਜਾਈ ਸਾਨੂੰ ਰੰਘਰੇਟਿਆ, ਦਲਿਤਾ ਜਾਂ ਹੋਰ ਸਿੱਖੀ ਸੋਚ ਨੂੰ ਮਜਬੂਤ ਕਰਨ ਵਾਲੇ ਵਰਗਾਂ ਨਾਲ ਨਫਰਤ ਭਰੀਆ ਕਾਰਵਾਈਆ ਤੋ ਦੂਰ ਰਹਿਕੇ ਆਪਣੇ ਅਸਲ ਦੁਸ਼ਮਣ ਦੀ ਪਹਿਚਾਣ ਕਰਨੀ ਚਾਹੀਦੀ ਹੈ।ਮਜ੍ਹਬ ਦੇ ਤੌਰ ਤੇ ਨਫਰਤ ਵਧਾਕੇ ਆਪਣੇ ਕੌਮੀ ਨਿਸ਼ਾਨੇ ਖ਼ਾਲਿਸਤਾਨ (ਬੇਗਮਪੁਰਾ) ਨੂੰ ਕਿਸੇ ਤਰ੍ਹਾਂ ਵੀ ਨੁਕਸਾਨ ਨਹੀਂ ਪਹੁੰਚਾਉਣਾ ਚਾਹੀਦਾ।

# ਇੰਡੋ ਕਨੇਡੀਅਨ ਸੀਨੀਅਰ ਸੁਸਾਇਟੀ ਐਬਟਸਫੋਰਡ ਬੀਸੀ ਵੱਲੋਂ ਸੂਚਨਾ

ਐਬਟਸਫੋਰਡ:-ਇੰਡੋ ਕਨੇਡੀਅਨ ਸੀਨੀਅਰ ਸੁਸਾਇਟੀ ਐਬਟਸਫੋਰਡ ਬੀਸੀ ਕਨੇਡਾ ਵੱਲੋਂ ਸਾਰੇ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 16 ਸਤੰਬਰ 2026 ਬੁੱਧਵਾਰ ਨੂੰ ਵਿਤੀ ਅਤੇ ਸਿਹਤ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਜਾ ਰਿਹਾ।ਇਹ ਸੈਮੀਨਾਰ ਗੁਰਦੁਆਰਾ ਸਾਹਿਬ ਹੈਰੀਟੇਜ ਖਾਲਸਾ ਦੀਵਾਨ ਸੁਸਾਇਟੀ ਐਬਟਸਫੋਰਟ ਵਿਖੇ ਸ਼ਾਮ 2 ਵਜ਼ੇ ਤੋਂ ਸ਼ਾਮ 4 ਵਜ਼ੇ ਤੱਕ ਹੋਵੇਗਾ।ਆਪ ਸਭ ਸੀਨੀਅਰ ਨੂੰ ਸਮੇਂ ਸਰ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ। ਖਾਣੇ ਦਾ ਪ੍ਰਬੰਧ ਸੀਨੀਅਰ ਸੋਸਾਇਟੀ ਵੱਲੋਂ ਹੋਵੇਗਾ। **ਧੰਨਵਾਦ ਸਹਿਤ ਸ. ਸੁਖਦੇਵ ਸਿੰਘ ਬਰਾੜ(ਪ੍ਰਧਾਨ)ਸ. ਸੁਖਦੇਵ ਸਿੰਘ ਮੱਲੀ (ਜਨਰਲ ਸਕੱਤਰ) ਸਮੂਹ ਪ੍ਰਬੰਧਕ ਕਮੇਟੀ।**

# ਚੰਡੀਗੜ੍ਹ ‘ਚ ਕਿਸਾਨਾਂ ਦਾ ਧਰਨਾ ਖ਼ਤਮ

## ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੋਰਚੇ ‘ਚ ਪਹੁੰਚ ਕੇ ਮੰਗਾਂ ਮੰਨੇ ਜਾਣ ਦਾ ਕੀਤਾ ਐਲਾਨ

ਚੰਡੀਗੜ੍ਹ: ਚੰਡੀਗੜ੍ਹ ‘ਚ ਸੰਯੁਕਤ ਕਿਸਾਨ ਮੋਰਚੇ ਵਲੋਂ ਆਪਣੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ 1 ਸਤੰਬਰ ਤੋਂ ਲਾਏ ਗਏ ਧਰਨੇ ਨੂੰ ਖ਼ਤਮ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ। ਦਰਅਸਲ ਮੋਰਚੇ ਅਤੇ ਪੰਜਾਬ ਸਰਕਾਰ ਵਿਚਾਲੇ ਵੱਖ-ਵੱਖ ਮੰਗਾਂ ਨੂੰ ਲੈ ਕੇ ਪੂਰਨ ਸਹਿਮਤੀ ਬਣ ਗਈ ਹੈ। ਕਿਸਾਨ ਜੱਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਸਰਕਾਰ ਵਲੋਂ ਭੇਜੇ ਗਏ ਸਹਿਮਤੀ ਪੱਤਰ ਨੂੰ ਆਪਣੀ ਪ੍ਰਵਾਨਗੀ ਦੇ ਦਿੱਤੀ ਹੈ।ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨ ਮੋਰਚੇ ‘ਚ ਪਹੁੰਚ ਕੇ ਸਰਕਾਰ ਵਲੋਂ ਕਿਸਾਨਾਂ ਦੀਆਂ ਮੰਗਾਂ ਮੰਨੇ ਜਾਣ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਇਕ ਮਹੀਨੇ ਦੇ ਅੰਦਰ-ਅੰਦਰ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਬੁਲਾਇਆ ਜਾਵੇਗਾ, ਜਿਸ ‘ਚ ਕਿਸਾਨਾਂ ਦੀਆਂ ਮੰਗਾਂ ‘ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਖੇਤੀਬਾੜੀ ਮੰਤਰੀ ਦੇ ਐਲਾਨ ਤੋਂ ਬਾਅਦ ਪਿਛਲੇ 7 ਦਿਨਾਂ ਤੋਂ ਚੰਡੀਗੜ੍ਹ ਦੀਆਂ ਬਰੂਹਾਂ ‘ਤੇ ਚੱਲ ਰਿਹਾ ਕਿਸਾਨਾਂ ਦਾ ਧਰਨਾ ਅੱਜ ਖ਼ਤਮ ਹੋ ਗਿਆ ਅਤੇ ਇੱਥੇ ਹਜ਼ਾਰਾਂ ਦੀ ਗਿਣਤੀ ‘ਚ ਪੁੱਜੇ ਕਿਸਾਨ ਆਪੋ-ਆਪਣੇ ਘਰਾਂ ਨੂੰ ਵਾਪਸ ਪਰਤਣੇ ਸ਼ੁਰੂ ਹੋ ਗਏ ਹਨ।














# ਸੰਯੁਕਤ ਰਾਸ਼ਟਰ ਦੇ ਨਵੇ ਨਕਸ਼ੇ ਵਿੱਚ ਅਰੁਣਾਚਲ ਪ੍ਰਦੇਸ਼ ਅਤੇ ਅਕਸਾਈ ਚਿੰਨ੍ਹ ਨੂੰ ‘ਵਿਵਾਦਤ ਖੇਤਰ’ ਦੱਸਿਆ ਗਿਆ

ਨਿਊਯਾਰਕ:ਸਯੁੰਕਤ ਰਾਸ਼ਟਰ ਦੇ ਨਵੇਂ ਵਿਸ਼ਵ ਨਕਸ਼ੇ ਵਿੱਚ ਭਾਰਤ ਦੀ ਪ੍ਰਭੂਸੱਤਾ ਦੀ ਉਲੰਘਣਾ ਕੀਤੀ ਗਈ ਹੈ।ਇਹ ਸੰਯੁਕਤ ਰਾਸ਼ਟਰ-ਸਮਰਥਿਤ ਨਕਸ਼ਾ ਅਰੁਣਾਚਲ ਪ੍ਰਦੇਸ਼ ਅਤੇ ਅਕਸਾਈ ਚੀਨ ਨੂੰ ਭਾਰਤ ਦੇ ਅੰਦਰ ਵੱਖਰੇ ਵਿਵਾਦਿਤ ਖੇਤਰਾਂ ਵਜੋਂ ਦਰਸਾਉਂਦਾ ਹੈ।ਸੰਯੁਕਤ ਰਾਸ਼ਟਰ ਨੇ ਇੱਕ ਨਵਾਂ ਵਿਸ਼ਵ ਨਕਸ਼ਾ ਜਾਰੀ ਕੀਤਾ ਹੈ, ਜਿਸ ਨਾਲ ਵਿਸ਼ਵਵਿਆਪੀ ਧਿਆਨ ਖਿੱਚਿਆ ਗਿਆ ਹੈ।‘ਨਕਸ਼ੇ ਨੂੰ ਸਹੀ ਕਰੋ’ ਪ੍ਰਸਤਾਵ ਦੇ ਤਹਿਤ ਪੇਸ਼ ਕੀਤੇ ਗਏ ਇਸ ਨਕਸ਼ੇ ਦਾ ਭਾਰਤ ਨੇ ਵੀ ਸਮਰਥਨ ਕੀਤਾ ਸੀ।ਹਾਲਾਂਕਿ, ਨਵਾਂ ਵਿਸ਼ਵ ਨਕਸ਼ਾ ਭਾਰਤ ਵਿਰੋਧੀ ਨਿਕਲਿਆ। ਇਹ ਨਵਾਂ ਨਕਸ਼ਾ ਅਰੁਣਾਚਲ ਪ੍ਰਦੇਸ਼ ਅਤੇ ਅਕਸਾਈ ਚੀਨ ਨੂੰ ਭਾਰਤ ਅਤੇ ਚੀਨ ਦੇ ਸਰਹੱਦੀ ਦਾਅਵਿਆਂ ਵਿਚਕਾਰ ਵੱਖਰੇ ਖੇਤਰਾਂ ਵਜੋਂ ਦਰਸਾਉਂਦਾ ਹੈ। ਇਸਦਾ ਮਤਲਬ ਹੈ ਕਿ ਇਸਨੂੰ ਨਵੇਂ ਵਿਸ਼ਵ ਨਕਸ਼ੇ ਵਿੱਚ ਇੱਕ ਵਿਵਾਦਿਤ ਖੇਤਰ ਮੰਨਿਆ ਗਿਆ ਹੈ।ਜਦੋਂ ਕਿ ਭਾਰਤ ਸਰਕਾਰ ਅਨੁਸਾਰ ਅਰੁਣਾਚਲ ਪ੍ਰਦੇਸ਼ ਅਤੇ ਅਕਸਾਈ ਚੀਨ ਦੋਵੇਂ ਭਾਰਤ ਦੇ ਅਨਿੱਖੜਵੇਂ ਅੰਗ ਹਨ।ਨਵਾਂ ਵਿਸ਼ਵ ਨਕਸ਼ਾ ਪਹਿਲੀ ਵਾਰ 1 ਜੁਲਾਈ ਨੂੰ ਸੰਯੁਕਤ ਰਾਸ਼ਟਰ ਮਹਾਸਭਾ ਦੇ ਮਤੇ ‘ਤੇ ਚਰਚਾ ਦੌਰਾਨ ਪ੍ਰਕਾਸ਼ਿਤ ਕੀਤਾ ਗਿਆ ਸੀ। ਇਸ ਵਿੱਚ, ਅਰੁਣਾਚਲ ਪ੍ਰਦੇਸ਼ ਦੀ ਨਾਗਾਲੈਂਡ ਨਾਲ ਲੱਗਦੀ ਸਰਹੱਦ ਨੂੰ ਹਟਾ ਦਿੱਤਾ ਗਿਆ ਹੈ ਅਤੇ ਇਸ ਖੇਤਰ ਨੂੰ ਅਸਾਮ ਅਤੇ ਚੀਨ ਨਾਲ ਲੱਗਦੀ ਇੱਕ ਸੁਤੰਤਰ ਰਾਜ ਵਜੋਂ ਦਰਸਾਇਆ ਗਿਆ ਹੈ।ਇਸੇ ਤਰ੍ਹਾਂ, ਨਕਸ਼ੇ ਵਿੱਚ ਅਕਸਾਈ ਚਿਨ ਨੂੰ ਇੱਕ ਸੁਤੰਤਰ ਖੇਤਰ ਵਜੋਂ ਦਰਸਾਇਆ ਗਿਆ ਹੈ, ਜਿਸਦੀ ਪੱਛਮੀ ਸਰਹੱਦ ਭਾਰਤ ਨਾਲ ਅਤੇ ਪੂਰਬੀ ਸਰਹੱਦ ਚੀਨ ਨਾਲ ਹੈ। ਸੰਯੁਕਤ ਰਾਸ਼ਟਰ ਨੇ ਇਨ੍ਹਾਂ ਤਬਦੀਲੀਆਂ ਦੇ ਪਿੱਛੇ ਦਾ ਕਾਰਨ ਨਹੀਂ ਦੱਸਿਆ।

# ਭਾਰਤ ਦੇਸ਼ ‘ਚ ਵੱਧ ਰਹੀ ਹੈ ਅਰਾਜਕਤਾ:ਰਾਹੁਲ

ਨਵੀਂ ਦਿੱਲੀ: ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਮੰਗਲਵਾਰ ਨੂੰ ਦਿੱਲੀ ਵਿੱਚ ਇੱਕ ਮਣੀਪੁਰੀ ਸੰਗੀਤਕਾਰ ਦੀ ਕੁੱਟ-ਕੁੱਟ ਕੇ ਹੱਤਿਆ ਕਰਨ ਦੇ ਮੁੱਦੇ ਨੂੰ ਲੈ ਕੇ ਮੋਦੀ ਸਰਕਾਰ ਦੀ ਆਲੋਚਨਾ ਕੀਤੀ ਹੈ। ਉਨ੍ਹਾਂ ਨੇ ਕੇਂਦਰੀ ਗ੍ਰਹਿ ਮੰਤਰਾਲੇ ਅਤੇ ਦਿੱਲੀ ਪੁਲਸ ਦੀ ਭੂਮਿਕਾ ‘ਤੇ ਸਵਾਲ ਉਠਾਏ ਹਨ ਤੇ ਕਿਹਾ ਹੈ ਕਿ ਦੇਸ਼ ਵਿਚ ਅਰਾਜਕਤਾ ਵਧ ਰਹੀ ਹੈ। ਰਾਹੁਲ ਗਾਂਧੀ ਨੇ ਦਿੱਲੀ ਘਟਨਾ ਦੀ ਤੇਜ਼ੀ ਨਾਲ ਜਾਂਚ ਦੀ ਮੰਗ ਕੀਤੀ ਹੈ। ਮਣੀਪੁਰ ਦੇ ਇੱਕ 54 ਸਾਲਾ ਸੰਗੀਤਕਾਰ ਚੋਂਗਥਮ ਵਿਕਰਮ ਸਿੰਘ ਦੀ ਮੌਤ ਸੋਮਵਾਰ ਤੜਕੇ ਕਿਲੋਕਰੀ ਪਿੰਡ ਵਿੱਚ ਉਸ ਦੇ ਅਪਾਰਟਮੈਂਟ ਦੇ ਬਾਹਰ ਡਿਲੀਵਰੀ ਕਰਮਚਾਰੀਆਂ ਅਤੇ ਢਾਬਾ ਸਟਾਫ ਦੇ ਇੱਕ ਸਮੂਹ ਦੁਆਰਾ ਹਮਲਾ ਕਰਨ ਤੋਂ ਬਾਅਦ ਹੋਈ। ਰਾਹੁਲ ਨੇ ਐਕਸ ਉਪਰ ਇਕ ਪੋਸਟ ਵਿਚ ਕਿਹਾ, “ਮਣੀਪੁਰ ਦੇ ਇੱਕ ਮਸ਼ਹੂਰ ਸੰਗੀਤਕਾਰ ਚੋਂਗਥਮ ਵਿਕਰਮ ਸਿੰਘ ਜੀ, ਕੁਝ ਆਦਮੀਆਂ ਨੂੰ ਆਪਣੇ ਘਰ ਦੇ ਬਾਹਰ ਸ਼ੋਰ ਘੱਟ ਕਰਨ ਲਈ ਕਹਿਣ ਲਈ ਹੇਠਾਂ ਗਏ ਸਨ। ਇਸ ਲਈ ਉਨ੍ਹਾਂ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇੱਕ ਪਿਤਾ, ਆਪਣੇ ਹੀ ਦੇਸ਼ ਦੀ ਰਾਜਧਾਨੀ ਵਿੱਚ ਆਪਣੇ ਹੀ ਘਰ ਦੇ ਬਾਹਰ ਮਾਰਿਆ ਗਿਆ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਰਹਿਣ ਵਾਲੇ ਉੱਤਰ-ਪੂਰਬ ਦੇ ਪਰਵਾਰ ਹੁਣ ਇਹ ਸਵਾਲ ਕਰ ਰਹੇ ਹਨ ਕਿ ਕੀ ਉਹ ਸੁਰੱਖਿਅਤ ਹਨ ? ਗਾਂਧੀ ਨੇ ਕਿਹਾ, “ਅਜਿਹੀਆਂ ਬਹੁਤ ਸਾਰੀਆਂ ਘਟਨਾਵਾਂ ਤੋਂ ਬਾਅਦ ਦਿੱਲੀ ਵਿੱਚ ਹਰ ਉੱਤਰ-ਪੂਰਬੀ ਪਰਵਾਰ ਅੱਜ ਇਹੀ ਸਵਾਲ ਪੁੱਛ ਰਿਹਾ ਹੈ ਕਿ ਕੀ ਉਹ ਇੱਥੇ ਸੁਰੱਖਿਅਤ ਹਨ ? ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਇਹ ਵੀ ਸਵਾਲ ਕੀਤਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਪੁਲਸ ਉਸ ਚੀਜ਼ ਨਾਲ ਨਜਿੱਠਣ ਲਈ ਕੀ ਕਰ ਰਹੇ ਹਨ, ਜਿਸ ਨੂੰ ਉਨ੍ਹਾਂ ਨੇ ‘ਵਧ ਰਹੀ ਅਰਾਜਕਤਾ’ ਵਜੋਂ ਦਰਸਾਇਆ ਹੈ।


THANDI AUTO CARE CENTRE LTD
WE DO REPAIR OF ALL MAKES & MODELS
- General Repairs
- Transmission- Brakes
- Tune Ups - Mufflers
- Electrical Problems
-We also do Diesel Repairs
ਅਸੀ ਹਰ ਤਰਾਂ ਦੀਆਂ ਡੋਮੇਸਟਿਕ ਅਤੇ ਇਨਪੋਟੀਡ ਕਾਰਾਂ ਅਤੇ ਵੈਨਾਂ ਦੀ ਰੀਪੇਅਰ ਕਰਦੇ ਹਾਂ


Bhupinder Singh Thandi
Certified Auto Mechanic
604.503.0713
Fax:604.503.0712
Harp_t@hotmail.com
12383-83A Ave, Surrey, BC



SAVVY
iccrc crcic Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases

Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday



FIXMAN
GLASS REPAIR LTD
Auto
Residential
Commercial
“We Are The Clear Choice”
GLASS EXPRESS
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000

Mandeep Dhaliwal
www.fixmanglass.com Email:fixmanglass@gmail.com



Punjab TRAVELS
Special offer!

ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।

ਜੀਵਨ ਸਿੰਘ ਮੋਗਾ
▸▸ ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
▸▸ ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
▸▸ ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5



SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

# ਨੇਪਾਲ ਵਿੱਚ ਹੜ੍ਹਾਂ ਕਾਰਨ ਅੰਦਾਜ਼ਨ 400 ਅਰਬ ਰੁਪਏ ਦਾ ਨੁਕਸਾਨ:5,000 ਲੋਕ ਲਾਪਤਾ, 1,344 ਲਾਸ਼ਾਂ ਬਰਾਮਦ



ਕਾਠਮੰਡੂ:- ਨੇਪਾਲ ਵਿੱਚ 26 ਅਗਸਤ ਨੂੰ ਆਏ ਹੜ੍ਹਾਂ ਕਾਰਨ ਲਗਭਗ 400 ਅਰਬ ਨੇਪਾਲੀ ਰੁਪਏ ਦਾ ਨੁਕਸਾਨ ਹੋਇਆ ਹੈ। ਹੁਣ ਤੱਕ 1,344 ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ, ਜਦਕਿ ਲਗਭਗ 5,000 ਲੋਕ ਅਜੇ ਵੀ ਲਾਪਤਾ ਹਨ। ਹੜ੍ਹਾਂ ਦਾ ਅਸਰ ਹੁਣ ਨੇਪਾਲ ਦੇ ਸੈਰ-ਸਪਾਟਾ ਉਦਯੋਗ 'ਤੇ ਵੀ ਦਿਖਾਈ ਦੇ ਰਿਹਾ ਹੈ।


ਸੈਰ-ਸਪਾਟੇ ਦੇ ਮੁੱਖ ਸੀਜ਼ਨ ਜੋ ਸਤੰਬਰ ਤੋਂ ਨਵੰਬਰ ਤੱਕ ਚੱਲਦਾ ਹੈ ਲਈ ਹੋਟਲਾਂ ਅਤੇ ਟਰੈਵਲ ਕੰਪਨੀਆਂ ਕੋਲ ਕੀਤੀਆਂ ਗਈਆਂ ਬੁਕਿੰਗਾਂ ਰੱਦ ਕੀਤੀਆਂ ਜਾ ਰਹੀਆਂ ਹਨ।ਕਾਠਮੰਡੂ ਦੇ ਇੱਕ ਹੋਟਲ ਵਿੱਚ ਲਗਭਗ 20% ਬੁਕਿੰਗਾਂ ਰੱਦ ਕਰ ਦਿੱਤੀਆਂ ਗਈਆਂ ਹਨ। ਹੋਟਲ ਦੇ ਮੈਨੇਜਿੰਗ ਡਾਇਰੈਕਟਰ ਅਨੁਸਾਰ, ਹੜ੍ਹਾਂ ਤੋਂ ਬਾਅਦ ਵਾਲੇ ਹਫ਼ਤੇ ਵਿੱਚ ਬੁਕਿੰਗਾਂ ਰੱਦ ਹੋਣ ਦੇ ਮਾਮਲਿਆਂ ਵਿੱਚ ਖਾਸ ਕਰਕੇ ਆਨਲਾਈਨ ਬੁਕਿੰਗਾਂ ਦੇ ਮਾਮਲੇ ਵਿੱਚ ਤੇਜ਼ੀ ਨਾਲ ਵਾਧਾ ਹੋਇਆ।ਹੜ੍ਹਾਂ ਦੀਆਂ ਤਸਵੀਰਾਂ ਕਾਰਨ ਬਹੁਤ ਸਾਰੇ ਵਿਦੇਸ਼ੀ ਸੈਲਾਨੀਆਂ ਨੂੰ ਇਹ ਭੁਲੇਖਾ ਪੈ ਗਿਆ ਹੈ ਕਿ ਪੂਰਾ ਨੇਪਾਲ ਦੇਸ਼ ਇਸ ਕੁਦਰਤੀ ਆਫ਼ਤ ਨਾਲ ਪ੍ਰਭਾਵਿਤ ਹੋਇਆ ਹੈ।

# ਸੀ ਜੇ ਪੀ ਦੇ ਪ੍ਰਦਰਸ਼ਨ 'ਤੇ ਦਿਲਜੀਤ ਨੇ ਰਿਲੀਜ਼ ਕੀਤਾ ਨਵਾਂ ਗਾਣਾ

ਚੰਡੀਗੜ੍ਹ:ਦਿਲਜੀਤ ਦੋਸਾਂਝ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਇੱਕ ਕਲਾਕਾਰ ਬਿਨਾਂ ਕਿਸੇ ਦਾ ਨਾਂਅ ਲਏ ਆਪਣੀ ਕਲਾ ਰਾਹੀਂ ਵੱਡਾ ਸੁਨੇਹਾ ਦੇ ਸਕਦਾ ਹੈ। ਕਾਕਰੋਚ ਜਨਤਾ ਪਾਰਟੀ ਵੱਲੋਂ ਵਿਦਿਆਰਥੀਆਂ ਦੇ ਹੱਕਾਂ ਲਈ ਕੀਤੇ ਗਏ ਪ੍ਰਦਰਸ਼ਨ ਦੌਰਾਨ 'ਮੈਂ ਇੱਕ ਕਲਾਕਾਰ ਹਾਂ, ਸਿਆਸਤਦਾਨ ਨਹੀਂ' ਆਖ ਕੇ ਸਿਆਸੀ ਮੁੱਦਿਆਂ ਤੋਂ ਦੂਰੀ ਬਣਾਉਣ ਵਾਲੇ ਦਿਲਜੀਤ ਨੇ ਹੁਣ ਆਪਣੇ ਨਵੇਂ ਗਾਣੇ 'ਡੈਵਿਲ' ਰਾਹੀਂ ਸਭ ਦਾ ਧਿਆਨ ਆਪਣੇ ਵੱਲ ਖਿੱਚ ਲਿਆ ਹੈ। ਇਹ ਗਾਣਾ ਦਿਲਜੀਤ ਦੀ ਨਵੀਂ ਈ ਪੀ 'ਆਈ ਐੱਮ ਐੱਨ ਆਰਟਿਸਟ ਬਰੋ' ਦਾ ਹਿੱਸਾ ਹੈ। ਗਾਣੇ ਦੀ ਵੀਡੀਓ ਵਿੱਚ ਗੁੱਸੇ ਵਿੱਚ ਆਏ ਨੌਜਵਾਨਾਂ ਦਾ ਇਕੱਠ, ਸੇਵ ਆਵਰ ਫਿਊਚਰ ਅਤੇ ਆਵਰ ਫਿਊਚਰ, ਆਵਰ ਫਾਈਟ ਦੇ ਪੋਸਟਰ, ਭਾਰੀ ਪੁਲਸ ਬਲ ਅਤੇ ਪ੍ਰਦਰਸ਼ਨਕਾਰੀਆਂ ਨਾਲ ਹੱਥੋ-ਪਾਈ ਦੀਆਂ ਝਲਕਾਂ ਦਿਖਾਈਆਂ ਗਈਆਂ ਹਨ। ਵੀਡੀਓ ਦਾ ਸਭ ਤੋਂ ਭਾਵੁਕ ਪਲ ਉਹ ਹੈ, ਜਦੋਂ ਇੱਕ ਛੋਟੀ ਬੱਚੀ ਪੁਲਸ ਅਧਿਕਾਰੀ ਵੱਲ ਗੁਲਾਬ ਲੈ ਕੇ ਵਧਦੀ ਹੈ ਅਤੇ ਪੁਲਸ ਮੁਲਾਜ਼ਮ ਉਸ ਨੂੰ ਗਲੇ ਲਗਾਉਂਦਾ ਹੈ।ਹਾਲਾਂ ਕਿ ਦਿਲਜੀਤ ਨੇ ਵੀਡੀਓ ਵਿੱਚ ਕਿਸੇ ਖਾਸ ਪ੍ਰਦਰਸ਼ਨ ਜਾਂ ਸੀ ਜੇ ਪੀ ਦਾ ਨਾਂਅ ਨਹੀਂ ਲਿਆ, ਪਰ ਪ੍ਰਸ਼ੰਸਕ ਇਸ ਨੂੰ ਇਸੇ ਸਾਲ ਜੰਤਰ-ਮੰਤਰ 'ਤੇ ਹੋਏ ਵਿਦਿਆਰਥੀ ਅੰਦੋਲਨ ਨਾਲ ਜੋੜ ਕੇ ਦੇਖ ਰਹੇ ਹਨ।

SARDAR JI ACADEMY
...KNOWLEDGE TEST...
CAR, TRUCK, TAXI & AIR BRAKE


ਲਰਨਿੰਗ ਲਾਇਸੈਂਸ ਦੀ ਪੰਜਾਬੀ ਅਤੇ ਅੰਗਰੇਜੀ ਵਿਚ ਤਿਆਰੀ ਕਰਵਾਈ ਜਾਂਦੀ ਹੈ
FORKLIFT TRAINING
ਇਥੇ ਫੋਰਕਲਿਫਟ ਦੇ ਲਾਇਸੈਂਸ ਅਤੇ ਸਿਟੀਜਨਸ਼ਿਪ ਦੀ ਤਿਆਰੀ ਵੀ ਕਰਵਾਈ ਜਾਂਦੀ ਹੈ
Ph:778-892-4655
#201-12885-85Ave, Surrey
Near Gurdwara Dashmesh Darbar

LANGLEY BANQUET HALL

ਵਿਆਹ-ਸ਼ਾਦੀ, ਜਨਮ ਦਿਨ ਜਾ ਹੋਰ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਪਾਰਟੀ ਆਦਿ ਲਈ
ਲੈਂਗਲੀ ਬੈਂਕੁਇਟ ਹਾਲ
ਬੁੱਕ ਕਰੋ।
• Wedding • Corporate Events
• Private Dinner • Bithday Parties
• Gurudwara and Live Catering
ਅਸੀਂ ਗੁਰਦੁਆਰਾ, ਮੰਦਰ, ਵਿਆਹ ਸ਼ਾਦੀਆਂ ਜਾਂ ਹੋਰ ਕਿਸੇ ਵੀ ਤਰ੍ਹਾਂ ਦੇ ਫੰਕਸ਼ਨ ਲਈ ਵਾਜਿਬ ਕੀਮਤਾਂ ਤੇ ਕੇਟਰਿੰਗ ਵੀ ਕਰਦੇ ਹਾਂ।

Call:Davinder S. Grewal
604-537-9759
info@langleybanquethall.com
3227 264 St UNIT #6, Aldergrove, BC V4W 2X3

ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ
11267-125A St, Surrey, BC

*11 ਸਤੰਬਰ ਦਿਨ ਸ਼ੁੱਕਰਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿਚ 2 ਅਖੰਡਪਾਠ ਸਾਹਿਬ ਆਰੰਭ ਹੋਣਗੇ: 1. ਨਗਰ ਕਾਲੇਕੇ ਦੀ ਸੰਗਤ ਵੱਲੋਂ 2. ਪਨੇਸਰ ਪਰਿਵਾਰ ਵੱਲੋਂ
*12 ਸਤੰਬਰ ਦਿਨ ਸ਼ਨਿੱਚਰਵਾਰ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰਾਂ ਦੀ ਸੇਵਾ ਗਗਨਦੀਪ ਸਿੰਘ ਮੰਡੇਰ ਪਰਿਵਾਰ ਵੱਲੋਂ ਹੋਵੇਗੀ।
*12 ਸਤੰਬਰ ਦਿਨ ਸ਼ਨਿੱਚਰਵਾਰ ਸ਼ਾਮ 6-8 ਵਜੇ ਸ਼ਬਦ ਸੁਰਤਿ ਸੁਮੇਲ ਸਮਾਗਮ ਹੋਣਗੇ।
*13 ਸਤੰਬਰ ਦਿਨ ਐਤਵਾਰ 2 ਅਖੰਡਪਾਠ ਸਾਹਿਬ ਦੇ ਭੋਗ ਪਾਏ ਜਾਣਗੇ।ਉਪਰੰਤ ਦੀਵਾਨ ਸਜਣਗੇ ਜਿਸ ਵਿਚ ਭਾਈ ਜੈਮਲ ਸਿੰਘ ਜੀ ਕਥਾ ਕਰਨਗੇ।
*13 ਸਤੰਬਰ ਦਿਨ ਐਤਵਾਰ ਸ਼ਾਮ ਨੂੰ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਤੇ ਲੰਗਰ ਦੀ ਸੇਵਾ ਭਾਈ ਨਿਸ਼ਾਨ ਸਿੰਘ ਪਰਿਵਾਰ ਵੱਲੋਂ ਹੋਵੇਗੀ।



ਗੁਰਬਾਣੀ ਸਿਮਰਨ ਹਰ ਐਤਵਾਰ ਦੁਪਹਿਰ 1 ਤੋਂ 4 ਵਜੇ ਤੱਕ ਹੁੰਦੇ ਹਨ
ਨੋਟ:ਗੁਰਦੁਆਰਾ ਸਾਹਿਬ ਵਿਖੇ ਬੁੱਧਵਾਰ, ਵੀਰਵਾਰ, ਸ਼ਨਿੱਚਰਵਾਰ ਅਤੇ ਐਤਵਾਰ ਸ਼ਾਮ 7-9 ਵਜੇ ਤੱਕ ਗੁਰਬਾਣੀ ਸੰਥਿਆ, ਕੀਰਤਨ ਤੇ ਪੰਜਾਬੀ ਦੀਆਂ ਕਲਾਸਾਂ ਲਗਦੀਆਂ ਹਨ

ਰਾਗੀ ਜੱਥਾ
ਸਤਨਾਮ ਸਿੰਘ
ਲੁਧਿਆਣੇ ਵਾਲੇ

ਕਥਾਵਾਚਕ
ਗਿਆਨੀ ਨਿਰਵੈਲ ਸਿੰਘ
ਬੀੜ ਬਾਬਾ ਬੁੱਢਾ ਜੀ ਵਾਲੇ

ਤਬਲਾ ਸਿੱਖਣ ਲਈ ਸੰਪਰਕ ਕਰੋ:
604-585-0319

ਹਰ ਮੱਸਿਆ ਤੇ ਸ਼ਾਮ ਨੂੰ 6-9 ਵਜੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ
ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ:ਗੁਰਦੁਆਰਾ ਸਾਹਿਬ:604-585-0319
ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007

ਰੋਜਾਨਾ ਦੇ ਪ੍ਰੋਗਰਾਮ
ਸਵੇਰੇ
5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ
ਸ਼ਾਮ
6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ

# ਕੁਦਰਤ ਨੇ ਅਮੀਰ ਬਣਾਇਆ, ਹਾਕਮਾਂ ਨੇ ਗਰੀਬ ਕਰ ਛੱਡਿਆ ਭਾਰਤ ਮਹਾਨ

ਸਾਡਾ ਮੁਲਕ ਕੁਦਰਤ ਵੱਲੋਂ ਬਖ਼ਸ਼ੀਆਂ ਅਣਮੁੱਲੀਆਂ ਦਾਤਾਂ ਨਾਲ ਭਰਪੂਰ ਹੈ। ਇੱਥੇ ਹਰ ਤਰ੍ਹਾਂ ਦੇ ਮੌਸਮ ਹਨ, ਵਿਸ਼ਾਲ ਅਤੇ ਜ਼ਰਖੇਜ਼ ਖੇਤੀਯੋਗ ਧਰਤੀ ਹੈ, ਦਰਿਆ ਹਨ, ਜੰਗਲ ਹਨ, ਸਮੁੰਦਰ ਹਨ ਅਤੇ ਖਣਿਜਾਂ ਨਾਲ ਭਰਪੂਰ ਧਰਤੀ ਹੈ।ਹਜ਼ਾਰਾਂ ਸਾਲ ਪੁਰਾਣੀ ਸੱਭਿਆਚਾਰਕ ਵਿਰਾਸਤ, ਵੱਖ-ਵੱਖ ਧਰਮਾਂ, ਭਾਸ਼ਾਵਾਂ, ਜਾਤਾਂ-ਗੋਤਾਂ ਅਤੇ ਸੱਭਿਆਚਾਰਾਂ ਦੇ ਲੋਕ ਇਸ ਧਰਤੀ 'ਤੇ ਵੱਸਦੇ ਹਨ। ਗੁਰੂਆਂ, ਪੀਰਾਂ, ਫ਼ਕੀਰਾਂ ਅਤੇ ਬਾਬਾ ਨਾਨਕ ਦੀ ਧਰਤੀ ਨੇ ਦੁਨੀਆ ਨੂੰ ਮਨੁੱਖਤਾ,ਸਾਂਝੀਵਾਲਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ।ਪਰ ਅੱਜ ਸਾਡੇ ਸਾਹਮਣੇ ਇੱਕ ਬਹੁਤ ਵੱਡਾ ਸਵਾਲ ਖੜ੍ਹਾ ਹੈ ਇੰਨੀ ਅਮੀਰ ਕੁਦਰਤੀ ਅਤੇ ਸੱਭਿਆਚਾਰਕ ਵਿਰਾਸਤ ਦੇ ਬਾਵਜੂਦ ਸਾਡਾ ਮੁਲਕ ਆਪਣੇ ਹੀ ਨੌਜਵਾਨਾਂ ਲਈ ਰਹਿਣਯੋਗ ਅਤੇ ਉਮੀਦ ਭਰਿਆ ਕਿਉਂ ਨਹੀਂ ਰਹਿ ਗਿਆ?ਅੱਜ ਦੇਸ਼ ਦਾ ਵੱਡਾ ਹਿੱਸਾ ਨੌਜਵਾਨ ਵਰਗ ਵਿਦੇਸ਼ਾਂ ਵੱਲ ਜਾਣ ਲਈ ਬੇਤਾਬ ਹੈ। ਕੋਈ ਪੜ੍ਹਾਈ ਲਈ,ਕੋਈ ਰੁਜ਼ਗਾਰ ਦੀ ਭਾਲ ਵਿੱਚ ਅਤੇ ਕੋਈ ਆਪਣੇ ਬੱਚਿਆਂ ਦੇ ਭਵਿੱਖ ਲਈ ਵਿਦੇਸ਼ਾਂ ਦਾ ਰੁਖ ਕਰ ਰਿਹਾ ਹੈ। ਬਹੁਤ ਸਾਰੇ ਪਰਿਵਾਰ ਆਪਣੀ ਜ਼ਮੀਨ, ਜਾਇਦਾਦ ਅਤੇ ਜਮ੍ਹਾਂ ਪੂੰਜੀ ਤੱਕ ਵੇਚ ਕੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਮਜਬੂਰ ਹਨ। ਇਹ ਸਿਰਫ਼ ਵਿਦੇਸ਼ ਜਾਣ ਦਾ ਰੁਝਾਨ ਨਹੀਂ, ਸਗੋਂ ਦੇਸ਼ ਦੇ ਪ੍ਰਬੰਧ 'ਤੇ ਇੱਕ ਗੰਭੀਰ ਸਵਾਲੀਆ ਨਿਸ਼ਾਨ ਹੈ। ਦੂਜੇ ਪਾਸੇ ਦੁਨੀਆ ਦੇ ਕਈ ਅਜਿਹੇ ਮੁਲਕ ਹਨ ਜਿੱਥੇ ਕੁਦਰਤੀ ਹਾਲਾਤ ਬੇਹੱਦ ਕਠਿਨ ਹਨ। ਕਈ ਥਾਵਾਂ 'ਤੇ ਸਾਲ ਦੇ ਕਈ ਮਹੀਨੇ ਭਾਰੀ ਬਰਫ਼ਬਾਰੀ ਹੁੰਦੀ ਹੈ ਅਤੇ ਤਾਪਮਾਨ ਮਾਇਨਸ 30 ਜਾਂ 40 ਡਿਗਰੀ ਸੈਲਸੀਅਸ ਤੱਕ ਚਲਾ ਜਾਂਦਾ ਹੈ। ਫਿਰ ਵੀ ਉਨ੍ਹਾਂ ਦੇ ਹਾਕਮਾਂ ਨੇ ਆਪਣੇ ਦੇਸ਼ਾਂ ਨੂੰ ਸਿਰਫ਼ ਰਹਿਣਯੋਗ ਹੀ ਨਹੀਂ ਬਣਾਇਆ, ਸਗੋਂ ਅਜਿਹੀਆਂ ਆਰਥਿਕ ਅਤੇ ਸਮਾਜਿਕ ਵਿਵਸਥਾਵਾਂ ਕਾਇਮ ਕੀਤੀਆਂ ਜਿੱਥੇ ਦੁਨੀਆ ਦੇ ਹੋਰ ਗਰੀਬ ਜਾਂ ਵਿਕਾਸਸ਼ੀਲ ਦੇਸ਼ਾਂ ਦੇ ਲੋਕ ਵੀ ਆਪਣਾ ਭਵਿੱਖ ਬਣਾਉਣ ਦੀ ਆਸ ਨਾਲ ਪਹੁੰਚਦੇ ਹਨ।ਇੱਥੇ ਸਾਨੂੰ ਇੱਕ ਗੱਲ ਸਮਝਣ ਦੀ ਲੋੜ ਹੈ ਕਿ ਕਿਸੇ ਦੇਸ਼ ਦੀ ਤਰੱਕੀ ਸਿਰਫ਼ ਉਸ ਦੀ ਕੁਦਰਤੀ ਦੌਲਤ ਨਾਲ ਨਹੀਂ ਹੁੰਦੀ। ਅਸਲ ਤਰੱਕੀ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਹਾਕਮ ਉਸ ਦੌਲਤ ਦੀ ਵਰਤੋਂ ਕਿਸ ਤਰੀਕੇ ਨਾਲ ਕਰਦੇ ਹਨ। ਚੰਗਾ ਪ੍ਰਸ਼ਾਸਨ, ਇਮਾਨਦਾਰ ਨੀਤੀਆਂ, ਗੁਣਵੱਤਾ ਵਾਲੀ ਸਿੱਖਿਆ, ਰੁਜ਼ਗਾਰ ਦੇ ਮੌਕੇ, ਮਜ਼ਬੂਤ ਸਿਹਤ ਪ੍ਰਬੰਧ, ਕਾਨੂੰਨ ਦਾ ਰਾਜ ,ਟਰੈਫਿਕ ਪ੍ਰਬੰਧਨ ਅਤੇ ਭ੍ਰਿਸ਼ਟਾਚਾਰ 'ਤੇ ਕਾਬੂ ਆਦਿ ਇਹ ਉਹ ਬੁਨਿਆਦੀ ਚੀਜ਼ਾਂ ਹਨ ਜੋ ਕਿਸੇ ਦੇਸ਼ ਨੂੰ ਆਪਣੇ ਨਾਗਰਿਕਾਂ ਲਈ ਰਹਿਣਯੋਗ ਬਣਾਉਂਦੀਆਂ ਹਨਸਾਡੇ ਦੇਸ਼ ਵਿੱਚ ਕੁਦਰਤੀ ਸਰੋਤਾਂ ਦੀ ਕਮੀ ਨਹੀਂ, ਪਰ ਸਵਾਲ ਉਨ੍ਹਾਂ ਦੀ ਵੰਡ ਅਤੇ ਵਰਤੋਂ ਦਾ ਹੈ। ਜੇ ਦੇਸ਼ ਦੀ ਦੌਲਤ ਦਾ ਲਾਭ ਸਮਾਜ ਦੇ ਵੱਡੇ ਹਿੱਸੇ ਤੱਕ ਨਹੀਂ ਪਹੁੰਚਦਾ ਤੇ ਚੰਦ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਜਾਂਦਾ ਹੋਵੇ ਅਤੇ ਆਮ ਨਾਗਰਿਕ ਨੂੰ ਆਪਣੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਵੀ ਸੰਘਰਸ਼ ਕਰਨਾ ਪਵੇ ਤਾਂ ਵਿਕਾਸ ਦੇ ਵੱਡੇ-ਵੱਡੇ ਦਾਅਵੇ ਲੋਕਾਂ ਨੂੰ ਖੋਖਲੇ ਲੱਗਣੇ ਸੁਭਾਵਿਕ ਹਨ। ਸਭ ਤੋਂ ਵੱਡੀ ਚਿੰਤਾ ਨੌਜਵਾਨਾਂ ਦੇ ਦੇਸ਼ ਛੱਡਣ ਦੀ ਹੈ। ਜਿਸ ਦੇਸ਼ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਨੌਜਵਾਨ ਆਬਾਦੀ ਹੋਵੇ, ਜੇ ਉਹੀ ਨੌਜਵਾਨ ਆਪਣੇ ਭਵਿੱਖ ਨੂੰ ਦੇਸ਼ ਤੋਂ ਬਾਹਰ ਦੇਖਣ ਲੱਗ ਪੈਣ ਤਾਂ ਇਹ ਕਿਸੇ ਵੀ ਸਰਕਾਰ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੋਣਾ ਚਾਹੀਦਾ ਹੈ। ਨੌਜਵਾਨਾਂ ਨੂੰ ਰੋਕਣ ਲਈ ਸਿਰਫ਼ ਭਾਸ਼ਣ ਕਾਫ਼ੀ ਨਹੀਂ। ਉਨ੍ਹਾਂ ਨੂੰ ਮਿਆਰੀ ਸਿੱਖਿਆ, ਯੋਗਤਾ ਅਨੁਸਾਰ ਰੁਜ਼ਗਾਰ, ਉਦਯੋਗ, ਸੁਰੱਖਿਅਤ ਵਾਤਾਵਰਨ ਅਤੇ ਮਿਹਨਤ ਦਾ ਉਚਿਤ ਮੁੱਲ ਦੇਣਾ ਪਵੇਗਾ।ਸਾਡੇ ਹਾਕਮਾਂ ਨੂੰ ਇਹ ਸਮਝਣਾ ਪਵੇਗਾ ਕਿ ਦੇਸ਼ ਸਿਰਫ਼ ਸੜਕਾਂ, ਇਮਾਰਤਾਂ ,ਪੁਲਾਂ ਅਤੇ ਅੰਕੜਿਆਂ ਨਾਲ ਨਹੀਂ ਬਣਦਾ। ਦੇਸ਼ ਉਸ ਵੇਲੇ ਬਣਦਾ ਹੈ ਜਦੋਂ ਉਸ ਦਾ ਆਮ ਨਾਗਰਿਕ ਆਪਣੇ ਘਰ ਵਿੱਚ ਸੁਰੱਖਿਅਤ, ਸਨਮਾਨਿਤ ਅਤੇ ਆਰਥਿਕ ਤੌਰ 'ਤੇ ਸਮਰੱਥ ਮਹਿਸੂਸ ਕਰੇ। ਕੁਦਰਤ ਨੇ ਸਾਨੂੰ ਬੇਸ਼ੁਮਾਰ ਦਾਤਾਂ ਦਿੱਤੀਆਂ ਹਨ। ਸਾਡੀ ਧਰਤੀ ਨੇ ਸਾਨੂੰ ਅੰਨ ਦਿੱਤਾ, ਸਾਡੀ ਵਿਰਾਸਤ ਨੇ ਸਾਨੂੰ ਵਿਚਾਰ ਦਿੱਤੇ ਅਤੇ ਸਾਡੇ ਗੁਰੂਆਂ-ਪੀਰਾਂ ਨੇ ਸਾਨੂੰ ਮਨੁੱਖਤਾ ਦਾ ਰਾਹ ਦਿਖਾਇਆ। ਹੁਣ ਵਾਰੀ ਹਾਕਮਾਂ ਦੀ ਹੈ ਕਿ ਉਹ ਅਜਿਹੀ ਵਿਵਸਥਾ ਬਣਾਉਣ ਜਿਸ ਵਿੱਚ ਸਾਡੇ ਬੱਚਿਆਂ ਨੂੰ ਆਪਣਾ ਭਵਿੱਖ ਬਣਾਉਣ ਲਈ ਆਪਣੀ ਮਿੱਟੀ ਛੱਡਣ ਦੀ ਮਜਬੂਰੀ ਨਾ ਹੋਵੇ।ਸਵਾਲ ਸਿਰਫ਼ ਇਹ ਨਹੀਂ ਕਿ ਸਾਡੇ ਨੌਜਵਾਨ ਵਿਦੇਸ਼ ਕਿਉਂ ਜਾ ਰਹੇ ਹਨ। ਅਸਲ ਸਵਾਲ ਇਹ ਹੈ ਕਿ ਅਸੀਂ ਆਪਣੇ ਦੇਸ਼ ਨੂੰ ਅਜਿਹਾ ਕਿਉਂ ਨਹੀਂ ਬਣਾ ਸਕੇ ਜਿੱਥੇ ਉਹ ਰਹਿਣਾ ਚਾਹੁਣ?



**ਵੱਲੋਂ:ਗੁਰਮੀਤ ਸਿੰਘ ਸੁਖਪੁਰ**
(9465915763)

# ਫੋਕੇ ਵਾਅਦਿਆਂ ਅਤੇ ਝੂਠੇ ਬਦਲਾਅ ਖ਼ਿਲਾਫ਼ ਪੰਜਾਬ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ



ਚੰਡੀਗੜ੍ਹ: ਚੰਡੀਗੜ੍ਹ ਸਥਿਤ ਕਾਂਗਰਸ ਭਵਨ ਵਿਖੇ ਪੰਜਾਬ ਕਾਂਗਰਸ ਦੇ ਪ੍ਰਧਾਨ ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੇ ਫੋਕੇ ਵਾਅਦਿਆਂ, ਝੂਠੇ ਬਦਲਾਅ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਪੁਤਲਾ ਫੂਕ ਕੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਗਈ।ਇਸ ਮੌਕੇ ਗੁਰਪ੍ਰਤਾਪ ਸਿੰਘ (ਗੁਰੀ ਗਿੱਲ), ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਅਤੇ ਸੀਨੀਅਰ ਕਾਂਗਰਸੀ ਆਗੂ, ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਅੱਜ ਪੰਜਾਬ ਦਾ ਆਮ ਨਾਗਰਿਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਨਸ਼ਾ ਮੁਕਤ ਪੰਜਾਬ' ਦੇ ਦਾਅਵੇ ਕੀਤੇ ਜਾਂਦੇ ਰਹੇ ਹਨ, ਪਰ ਨਸ਼ਿਆਂ ਦੀ ਸਮੱਸਿਆ ਅਜੇ ਵੀ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। 2024 ਦੌਰਾਨ ਪੰਜਾਬ ਵਿੱਚ 8,973 ਂਧਫਸ਼ ਕੇਸ ਦਰਜ ਹੋਣ ਅਤੇ ਡਰੱਗ-ਟ੍ਰੈਫਿਕਿੰਗ ਮਾਮਲਿਆਂ ਵਿੱਚ ਪੰਜਾਬ ਦੇਸ਼ ਵਿੱਚ ਪਹਿਲੇ ਸਥਾਨ 'ਤੇ ਰਹਿਣ ਦੇ ਅੰਕੜੇ ਸਰਕਾਰ ਦੇ ਦਾਅਵਿਆਂ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ। ਇਸ ਤੋਂ ਇਲਾਵਾ, 106 ਓਵਰਡੋਜ਼ ਮੌਤਾਂ ਦਾ ਅੰਕੜਾ ਵੀ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹਾ ਕਰਦਾ ਹੈ।



VELOCITY TRUCK CENTRES

# DRIVE FORWARD WITH VELOCITY

## ਟਰੱਕ ਅਤੇ ਟਰੇਲਰਾਂ ਲਈ ਵੈਸਟਰਨ ਕਨੇਡਾ ਵਿਚ ਤੁਹਾਡਾ ਭਰੋਸੇਯੋਗ ਸਾਥੀ

ਸਾਡੀਆਂ ਮਾਹਰ ਟੀਮਾਂ ਅਤੇ ਪੂਰੀਆਂ ਸੇਵਾਵਾਂ ਦੀ ਰੇਂਜ ਨਾਲ
ਅਸੀਂ ਤੁਹਾਡੇ ਸਫਰ ਦੇ ਹਰ ਪੜਾਅ ਤੇ ਭਰੋਸੇਯੋਗ, ਪੂਰਨ ਸਹਾਇਤਾ ਪ੍ਰਦਾਨ ਕਰਦੇ ਹਾਂ

## ਨਵੇਂ ਅਤੇ ਯੂਜਡ ਟਰੱਕ, ਟਰੇਲਰ, ਬੱਸਾਂ




**TOTAL CUSTOMER SUPPORT**

- ਸੇਲਜ: ਨਵੇਂ ਅਤੇ ਵਰਤੇ ਹੋਏ ਟਰੱਕ, ਟ੍ਰੇਲਰ, ਬੱਸਾਂ
- ਸੇਵਾਵਾਂ: ਸਾਰੇ ਮੇਕ ਅਤੇ ਮਾਡਲ
- ਪਾਰਟਸ: ਪਾਰਟਸ ਅਤੇ ਆਫਟਰ ਮਾਰਕੀਟ
- *ਬਾਡੀਸ਼ਾਪ: ਪੂਰੀ-ਸੇਵਾ ਕੁਲੀਜਨ ਰਿਪੇਅਰ

LOCATIONS

*ਪਾਰਟਸ ਅਤੇ ਆਫਟਰ ਮਾਰਕੀਟ ਪਾਰਟਸ *ਹਰੇਕ ਮੇਕ ਅਤੇ ਮਾਡਲ *ਬਾਡੀਸ਼ਾਪ ਫੁੱਲ ਸਰਵਿਸ ਕੁਲੀਜਨ ਰਿਪੇਅਰ

## ਕਿਰਾਏ ਤੇ ਲੋੜ ਹੈ?



ਭਾਵੇਂ ਤੁਸੀਂ ਥੋੜ੍ਹੇ ਸਮੇਂ ਦੇ ਪਾੜੇ ਨੂੰ ਭਰ ਰਹੇ ਹੋ ਜਾਂ ਆਪਣੇ ਫਲੀਟ ਦਾ ਵਿਸਥਾਰ ਕਰ ਰਹੇ ਹੋ, ਵੇਲੋਸਿਟੀ ਟਰੱਕ ਰੈਂਟਲ ਅਤੇ ਲੀਜ਼ਿੰਗ ਤੁਹਾਡੇ ਕਾਰੋਬਾਰ ਨੂੰ ਚਲਦਾ ਰੱਖਣ ਲਈ ਤਿਆਰ ਕੀਤੇ ਗਏ ਅਨੁਕੂਲਿਤ ਕਿਰਾਏ ਅਤੇ ਲੀਜ਼ਿੰਗ ਵਿਕਲਪ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਪ੍ਰਦਾਨ ਕਰਦਾ ਹੈ।

ਕਮਰਸ਼ੀਅਲ ਟਰੱਕ ਰੈਂਟਲ ਫੁੱਲ ਸਰਵਿਸ ਲੀਜ਼ਿੰਗ ਫਲੀਟ ਮੈਨੇਜਮੈਂਟ ਸਰਵਿਸਿਜ

Learn More About Our Services
855-412-7431
VelocityTruckRentalAndLeasing.ca

VELOCITY TRUCK RENTAL & LEASING CANADA

672.727.9560 | 604.888.1424 | velocitytruckcentres.ca
18688 - 96th Ave, Surrey, BC, V4N 3P9, Canada

# Call: 672-727-9560

ੴ

TRUTH IS THE HIGHEST OF ALL THINGS:
HIGHER STILL IS TRUTHFUL LIVING -GURU NANAK DEV JI

ੴ ਸਤਿਗੁਰ ਪ੍ਰਸਾਦਿ

# ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ

12885-85Ave. Surrey, BC V3W 0K8 Canada




## ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵਿਖੇ ਹੋ ਰਹੇ ਪ੍ਰੋਗਰਾਮਾਂ ਦਾ ਵੇਰਵਾ

ਸ੍ਰੀ ਗੁਰੂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ 16 ਨਵੰਬਰ ਤੋਂ 25 ਨਵੰਬਰ ਤੱਕ ਜੱਥਾ ਪਾਕਿਸਤਾਨ ਦੇ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਰਿਹਾ ਹੈ ਜਿਨ੍ਹਾਂ ਸੰਗਤਾਂ ਨੇ ਜਾਣਾ ਹੋਵੇ ਉਹ ਗੁਰਦੁਆਰਾ ਸਾਹਿਬ ਆਪਣੇ ਨਾਮ ਲਿਖਵਾ ਦਿਓ ਜੀ।

ਇਸ ਹਫਤੇ ਗੁਰੂਘਰ ਵਿਖੇ ਬਰਸੀ ਬਾਬਾ ਬੁੱਢਾ ਸਾਹਿਬ ਜੀ, ਸ਼ਹੀਦੀ ਭਾਈ ਸੁੱਖਾ ਸਿੰਘ, ਭਾਈ ਮਹਿਤਾਬ ਸਿੰਘ, ਭਾਈ ਵਰਿੰਦਰ ਸਿੰਘ ਦਾਖਾ , ਭਾਈ ਗੁਰਮੇਲ ਸਿੰਘ ਬੱਬਰ ਅਤੇ ਭਾਈ ਸੀਤਲ ਸਿੰਘ ਮੱਤੇਵਾਲ ਮਨਾਏ ਜਾਣਗੇ।

*9 ਸਤੰਬਰ ਦਿਨ ਬੁੱਧਵਾਰ ਸੁਖਮਨੀ ਸਾਹਿਬ ਦੇ ਪਾਠ ਬੀ: ਜਸਵਿੰਦਰ ਕੌਰ ਪਰਿਵਾਰ ਵੱਲੋਂ

*11 ਸਤੰਬਰ ਦਿਨ ਸ਼ੁੱਕਰਵਾਰ 6 ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ: (1)ਭਾ: ਗਰਪ੍ਰੀਤ ਸਿੰਘ (2)ਭਾ: ਸੇਮਦੀਪ ਸਿੰਘ ਬੈਨੀਪਾਲ (3)ਭਾ: ਰਵਿੰਦਰ ਸਿੰਘ 4)ਭਾ: ਬਲਬੀਰ ਸਿੰਘ ਰਾਏ (5)ਭਾ: ਹਰਮਨਜੀਤ ਸਿੰਘ (6)ਭਾ: ਹਰਸਿਮਰਨਜੀਤ ਸਿੰਘ

*11 ਸਤੰਬਰ ਦਿਨ ਸ਼ੁੱਕਰਵਾਰ 2 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਣਗੇ: (1)ਭਾ: ਵਰਿੰਦਰ ਸਿੰਘ ਰੰਧਾਵਾ(2)ਭਾ: ਗੁਰਪ੍ਰੀਤ ਸਿੰਘ

*12 ਸਤੰਬਰ ਦਿਨ ਸ਼ਨਿੱਚਰਵਾਰ 2ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਣਗੇ: 1)ਭਾ: ਮਨਜਿੰਦਰ ਸਿੰਘ ਢੱਡਾ (2)ਬੀ: ਮਨਦੀਪ ਕੌਰ

*12 ਸਤੰਬਰ ਦਿਨ ਸ਼ਨਿੱਚਰਵਾਰ ਫਿਊਨਰਲ ਸਵੇਰੇ 11 ਵਜੇ ਬੀ: ਕੁਲਵਿੰਦਰ ਕੌਰ ਥਿੰਦ ਅੰਤਿਮ ਅਰਦਾਸ 1 ਵਜੇ ਹੋਵੇਗੀ

*12 ਸਤੰਬਰ ਦਿਨ ਸ਼ਨਿੱਚਰਵਾਰ ਭੋਗ ਸਹਿਜ ਪਾਠ ਸਾਹਿਬ ਭਾ: ਰੇਸ਼ਮ ਸਿੰਘ ਜੀ ਦੀ ਯਾਦ ਵਿੱਚ।

*13 ਸਤੰਬਰ ਦਿਨ ਐਤਵਾਰ ਸੁਖਮਨੀ ਸਾਹਿਬ ਪਾਠ ਭਾ:ਲਵਜੀਤ ਸਿੰਘ ਪਰਿਵਾਰ ਵੱਲੋਂ ਕਰਵਾਏ ਜਾਣਗੇ।

**ਸਮੂਹ ਸਾਧ ਸੰਗਤ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਦਰਬਾਰ ਵਿਚ ਹਾਜਰੀ ਭਰ ਕੇ ਤਨ, ਮਨ, ਧਨ ਨਾਲ ਸੇਵਾ ਕਰ ਕੇ ਜੀਵਨ ਸਫਲਾ ਕਰੋ ਜੀ**

**ਗੁਰਦੁਆਰਾ ਸਾਹਿਬ ਵਿਖੇ ਕੋਈ ਵੀ ਸੇਵਾ ਲੈਣ ਅਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ 604-594-2574 ਤੇ ਸੰਪਰਕ ਕਰੋ ਜੀ**

# GURDWARA SAHIB SUKH SAGAR

Khalsa Diwan Society

New Westminster

# WRESTLING COMPETITION 2026

## Dedicated to Guru Hargobind Sahib Ji & Miri-Piri

| Categories | Requirements |
|---|---|
| Boys Age Category | Under 6, U8, U10, U12, U14 |
| Girls Age Category | Under 6, U8, U10, U12, U14 |
| Boys Weight Category | 43KG, 48KG, 51KG, 55KG, 60KG, 66KG, 74KG, 84KG, 96KG, 110KG |
| Girls Weight Category | 40KG, 48KG, 52KG, 56KG, 62KG, 70KG, 90KG |
| Special Wrestling | 7 fights |

Open Patka Girls | Open Patka Boys | Line-up Wrestling (8:00am)

## SUNDAY SEPT 13 (8AM - 6PM)



Girls Wrestling



Boys Wrestling

Tournament Details: Parents and Guardians of athletes please listen to the following concerns. Any act of indiscipline will result in disqualification. Any involvement in disputes of parents with referees or officials will result in clubs being reliable.

Weigh in and ties take place on Saturday September 12th at 4pm and we look forward to seeing everyone.

For information regarding Wrestling match, Shingara Pehlwan (604) 825-7208
For other info : Hardeep Singh at (604) 825-2659

# ਇੱਕ ਲੱਖ ਕਰੋੜ ਦੇ ਫ਼ੌਜੀ ਸਾਜ਼ੋ-ਸਾਮਾਨ ਦੀ ਖ਼ਰੀਦ ਨੂੰ ਮਨਜ਼ੂਰੀ

ਦਿੱਲੀ:-ਰੱਖਿਆ ਮੰਤਰਾਲੇ ਨੇ ਤਿੰਨਾਂ ਫ਼ੌਜਾਂ ਲਈ 1.10 ਲੱਖ ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੇ ਫ਼ੌਜੀ ਸਾਜ਼ੋ-ਸਾਮਾਨ ਦੀ ਖ਼ਰੀਦ ਨੂੰ ਪ੍ਰਵਾਨਗੀ ਦਿੱਤੀ ਹੈ। ਇਸ ਫ਼ੈਸਲੇ ਦਾ ਮੁੱਖ ਮਕਸਦ ਫ਼ੌਜ ਦੀ ਸਮੁੱਚੀ ਲੜਾਕੂ ਸਮਰੱਥਾ ਵਧਾਉਣਾ ਹੈ।ਇਸ ਸਬੰਧੀ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਅਗਵਾਈ ਹੇਠਲੀ ਰੱਖਿਆ ਖ਼ਰੀਦ ਕੌਂਸਲ ਵੱਲੋਂ ਵੱਖ-ਵੱਖ ਤਜਵੀਜ਼ਾਂ ਨੂੰ ਸਿਧਾਂਤਕ ਪ੍ਰਸ਼ਾਸਕੀ ਪ੍ਰਵਾਨਗੀ ਦਿੱਤੀ ਗਈ ਹੈ। ਮੰਤਰਾਲੇ ਅਨੁਸਾਰ ਇਸ ਮਨਜ਼ੂਰੀ ਤਹਿਤ ਰਡਾਰ, ਆਧੁਨਿਕ ਹਲਕੇ ਹੈਲੀਕਾਪਟਰ ਅਤੇ ਬਾਰੂਦੀ ਸੁਰੰਗਾਂ ਵਿਛਾਉਣ ਵਾਲੀਆਂ ਖ਼ਾਸ ਮਸ਼ੀਨਾਂ ਖ਼ਰੀਦੀਆਂ ਜਾਣਗੀਆਂ।ਇਸ ਦੌਰਾਨ ਭਾਰਤੀ ਥਲ ਸੈਨਾ ਲਈ ਕੈਮੀਕਲ, ਜੈਵਿਕ ਅਤੇ ਪਰਮਾਣੂ ਖ਼ਤਰਿਆਂ ਦੀ ਜਾਂਚ ਕਰਨ ਵਾਲੇ ਵਾਹਨਾਂ ਦੇ ਨਾਲ-ਨਾਲ ਤੇਜ਼ ਰਫ਼ਤਾਰ ਵਾਲੀਆਂ ਗੱਡੀਆਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਬਾਰੂਦੀ ਸੁਰੰਗਾਂ ਵਿਛਾਉਣ ਵਾਲੇ ਵਾਹਨ, ਆਧੁਨਿਕ ਹੈਲੀਕਾਪਟਰ, ਟਰੌਲ ਟੈਂਕ ਅਤੇ ਸਰਵਤਰਾ ਪੁਲ ਸਿਸਟਮ ਦੀ ਖ਼ਰੀਦ ਵੀ ਕੀਤੀ ਜਾਵੇਗੀ। ਇਹ ਨਵੇਂ ਵਾਹਨ ਖ਼ਤਰੇ ਵਾਲੀਆਂ ਥਾਵਾਂ ਦੀ ਪਛਾਣ ਕਰਨ ਅਤੇ ਨਿਗਰਾਨੀ ਰੱਖਣ ਵਿੱਚ ਪੂਰੀ ਤਰ੍ਹਾਂ ਕਾਮਯਾਬ ਹੋਣਗੇ, ਜਦਕਿ ਤੇਜ਼ ਰਫ਼ਤਾਰ ਵਾਲੀਆਂ ਗੱਡੀਆਂ ਔਖੇ ਪਹਾੜੀ ਰਸਤਿਆਂ ਵਿੱਚ ਫ਼ੌਜੀ ਸਾਮਾਨ ਦੀ ਢੋਆ-ਢੁਆਈ ਨੂੰ ਆਸਾਨ ਬਣਾਉਣਗੀਆਂ।














# ਵੈਨਕੂਵਰ ‘ਚ ਭਾਰਤੀ ਕੌਂਸਲੇਟ ਖਿਲਾਫ ਸਿੱਖ ਸੰਗਤ ਦਾ ਤਿੱਖਾ ਰੋਸ

## ਗੁਰੂਘਰ ਕੋਈ ਸਰਕਾਰੀ ਦਫ਼ਤਰ ਨਹੀਂ, ਗੁਰਦੁਆਰਿਆਂ ਦੀ ਧਾਰਮਿਕ ਖੁਦਮੁਖਤਿਆਰੀ ਦੀ ਰਾਖੀ ਦਾ ਐਲਾਨ



ਨਵੀਂ ਦਿੱਲੀ(ਮਨਪ੍ਰੀਤ ਸਿੰਘ ਖਾਲਸਾ): ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਵਲੋਂ ਗੁਰਦੁਆਰਾ ਸਾਹਿਬਾਨ ਵਿੱਚ ਜੀਵਨ ਪ੍ਰਮਾਣ ਪੱਤਰ (ਲਾਈਫ ਸਰਟੀਫਿਕੇਟ) ਕੈਂਪ ਲਗਾਉਣ ਦੇ ਐਲਾਨ ਵਿਰੁੱਧ ਸਿੱਖ ਜਥੇਬੰਦੀਆਂ ਵਲੋਂ 5 ਸਤੰਬਰ, 2026 ਨੂੰ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਸ਼ਹੀਦ ਨਿੱਝਰ ਟੀਮ ਦੇ ਸੱਦੇ ‘ਤੇ ਆਯੋਜਿਤ ਇਸ ਵਿਰੋਧ ਪ੍ਰਦਰਸ਼ਨ ਵਿੱਚ ਬੀਬੀਆਂ ਅਤੇ ਛੋਟੇ-ਛੋਟੇ ਬੱਚਿਆਂ ਨੇ ਵੱਡੀ ਪੱਧਰ ‘ਤੇ ਸ਼ਮੂਲੀਅਤ ਕਰਕੇ ਆਪਣਾ ਤਿੱਖਾ ਆਕਰੋਸ਼ ਅਤੇ ਵਿਰੋਧ ਦਰਜ ਕਰਵਾਇਆ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਇਨ੍ਹਾਂ ਕੈਂਪਾਂ ਦੇ ਬਹਾਨੇ ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ ਅਤੇ ਕੈਨੇਡੀਅਨ ਕਾਨੂੰਨਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ ਮੌਕੇ ਟੀਮ ਨਿੱਝਰ ਦੇ ਆਗੂ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਭਾਰਤੀ ਡਿਪਲੋਮੈਟਾਂ ‘ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਇਹ ਲੋਕ ਜਾਣਬੁੱਝ ਕੇ ਲਾਈਫ ਸਰਟੀਫਿਕੇਟ ਵੰਡਣ ਦੇ ਨਾਮ ‘ਤੇ ਸੰਗਤ ਨੂੰ ਭੜਕਾਉਣ ਦਾ ਯਤਨ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੀਆਂ ਹੀ ਸਾਜ਼ਿਸ਼ਾਂ ਦੇ ਨਤੀਜੇ ਵਜੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦਾ ਕਤਲ ਹੋਇਆ ਸੀ। ਬੁਲਾਰਿਆਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਮੁੱਚੀ ਸੰਗਤ ਨੂੰ ਇੱਕਜੁੱਟ ਹੋ ਕੇ ਇਨ੍ਹਾਂ ਕਦਮਾਂ ਦਾ ਮੂੰਹ-ਤੋੜ ਜਵਾਬ ਦੇਣ ਦਾ ਸੱਦਾ ਦਿੱਤਾ। ਸੰਗਤ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਧਾਰਮਿਕ ਅਸਥਾਨਾਂ ਅਤੇ ਸਿੱਖ ਭਾਈਚਾਰੇ ਦੇ ਅਧਿਕਾਰਾਂ ਦੀ ਰਾਖੀ ਲਈ ਡਟ ਕੇ ਪਹਿਰਾ ਦੇਣ। ਸਿੱਖ ਆਗੂਆਂ ਨੇ ਐਲਾਨ ਕੀਤਾ ਕਿ ਕੈਨੇਡਾ ਦੀ ਧਰਤੀ ‘ਤੇ ਸਿੱਖਾਂ ਵਿਰੁੱਧ ਹੋਣ ਵਾਲੀ ਕਿਸੇ ਵੀ ਬਾਹਰੀ ਦਖਲਅੰਦਾਜ਼ੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਰੋਸ ਮੁਜ਼ਾਹਰੇ ਨੇ ਕੈਨੇਡਾ ਵਿੱਚ ਭਾਰਤੀ ਡਿਪਲੋਮੈਟਿਕ ਗਤੀਵਿਧੀਆਂ ਵਿਰੁੱਧ ਸਿੱਖ ਭਾਈਚਾਰੇ ਦੇ ਵਧ ਰਹੇ ਗੁੱਸੇ ਨੂੰ ਇੱਕ ਵਾਰ ਫਿਰ ਪ੍ਰਤੱਖ ਕਰ ਦਿੱਤਾ ਹੈ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਵਾਈਸ ਪ੍ਰੈਸੀਡੈਂਟ ਭਾਈ ਗੁਰਮੀਤ ਸਿੰਘ ਗਿੱਲ, ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਐਸਐਫਜੇ, ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਜੈਕ ਸਿੱਧੂ, ਭਾਈ ਰਜਿੰਦਰ ਸਿੰਘ ਨੱਤ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਭਾਈ ਹਰਬੰਸ ਸਿੰਘ ਔਜਲਾ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।


INDOOR WATER FALLS BY:
KALSI
Aluminum Products
• Patio Covers
• Sunrooms
• Aluminium & Glass Railing
• Fences
• Gate
• Security Bars
• Water Falls



Bring WATERFALL
In Your Office/House
Call a Professional Installer, Not A Salesman
604-763-5679
#108-13030-115Ave, Surrey, BC
www.kalsialuminum.com



ਮਨ ਮਨੁੱਖ ਦੀ ਕੁੰਜੀ ਹੈ
Mind is the key to the man.
NATURAL HOMEOPATHIC SOLUTIONS
Homeopathic Natural Products And Consultations
• Stress • Obesity & Weight Management & much more
2nd Location at Abbotsford also
#1, 32056 Cedar Park
(Above Dr. Chan Medical Clinic)
CALL Dr. Shveta : 604-304-2236
MBBS, MD & DHMHS (ONT.)
• Children & Ladies Problems and much more
We Have Effective New Medicines Based On Latest Research For The Cure Of:
• Allergy Conditions
• Colitis • De-addiction
• Migraine • Sexual Problems
• Arthritis • Stress Anxiety
• All Auto-Immune Diseases



"Homeopath R S Saini receiving International Award"
Director, West coast Homeopathic Society of Canada
Dr.R S Saini & Dr. Shveta Has The Latest Knowledge For The Cure Of These Diseases.
ਹੋਮਿਉਪੈਥ ਆਰ. ਐਸ. ਸੈਨੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ
For Abbotsford
#1, 32056 Cedar Park (Above Dr. Chan Medical Clinic)
Appointments Call Dr. Shveta
MBBS, MD & DHMHS (ONT.)
604-304-2236
For Surrey
231-8138-128 ST., SURREY
(2ND FLOOR PAYAL BUSINESS CENTER)
604-502-9579
www.homeopathsaini.com



THE CARPLAZA
CAR ACCESSORIES
All Types Of Car Accessories & Installation Available
ਇਥੋਂ ਤੁਸੀਂ ਹਰੇਕ ਤਰ੍ਹਾਂ ਦੀ Car Accessory ਲੈ ਸਕਦੇ ਹੋ



*Seat Covers *Matts
*Woofers & Ambient Lights
*Android Car Player Available



Especially For Uber & Lyft Camera
778-977-0032, 778-713-6949
#5-12357-82A Ave, Surrey, BC

# ਸਰੀ ਵਿੱਚ ਵੈਨਕੂਵਰ ਵਿਚਾਰ ਮੰਚ ਵੱਲੋਂ 'ਜਰਨੈਲ ਸਿੰਘ ਆਰਟਿਸਟ ਸਿਮਰਤੀ ਗਰੰਥ' ਲੋਕ ਅਰਪਣ

## ਜਰਨੈਲ ਸਿੰਘ ਆਰਟਿਸਟ ਨੂੰ ਮਹਾਨ ਚਿੱਤਰਕਾਰ, ਨਿਮਰ, ਸਾਦੇ, ਮਿਲਣਸਾਰ ਅਤੇ ਸੰਵੇਦਨਸ਼ੀਲ ਇਨਸਾਨ ਵਜੋਂ ਯਾਦ ਕੀਤਾ ਗਿਆ



ਸਰੀ (ਹਰਦਮ ਮਾਨ)- ਵੈਨਕੂਵਰ ਵਿਚਾਰ ਮੰਚ (ਰਜਿ.) ਵੱਲੋਂ ਬੀਤੇ ਦਿਨ ਪ੍ਰਸਿੱਧ ਚਿੱਤਰਕਾਰ ਜਰਨੈਲ ਸਿੰਘ ਆਰਟਿਸਟ ਦੀ ਯਾਦ ਨੂੰ ਸਮਰਪਿਤ ਸਿਮਰਤੀ ਗਰੰਥ ਰਿਲੀਜ਼ ਸਮਾਗਮ ਗਰੈਂਡ ਤਾਜ ਬੈਂਕੁਇਟ ਹਾਲ ਸਰੀ ਵਿਖੇ ਕਰਵਾਇਆ ਗਿਆ।

ਸਮਾਗਮ ਦੌਰਾਨ ਜਰਨੈਲ ਸਿੰਘ ਆਰਟਿਸਟ ਦੇ ਜੀਵਨ, ਕਲਾ, ਸਾਹਿਤਕ-ਸੱਭਿਆਚਾਰਕ ਸਰੋਕਾਰਾਂ ਅਤੇ ਉਨ੍ਹਾਂ ਦੀ ਨਿੱਘੀ ਸ਼ਖ਼ਸੀਅਤ ਨਾਲ ਜੁੜੀਆਂ ਯਾਦਾਂ ਨੂੰ ਵੱਖ-ਵੱਖ ਬੁਲਾਰਿਆਂ ਨੇ ਸਾਂਝਾ ਕੀਤਾ। ਇਸ ਮੌਕੇ 'ਜਰਨੈਲ ਸਿੰਘ ਆਰਟਿਸਟ ਸਿਮਰਤੀ ਗ੍ਰੰਥ' ਵੀ ਰਿਲੀਜ਼ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਕਰਦਿਆਂ ਵੈਨਕੂਵਰ ਵਿਚਾਰ ਮੰਚ ਦੇ ਬੁਲਾਰੇ ਅੰਗਰੇਜ਼ ਬਰਾੜ ਨੇ ਹਾਜ਼ਰੀਨ ਦਾ ਸਵਾਗਤ ਕੀਤਾ। ਉਪਰੰਤ ਵੈਨਕੂਵਰ ਵਿਚਾਰ ਮੰਚ ਦੇ ਸਰਪ੍ਰਸਤ ਅਤੇ ਪ੍ਰਸਿੱਧ ਨਾਵਲਕਾਰ ਜਰਨੈਲ ਸਿੰਘ ਸੇਖਾ ਨੇ ਜਰਨੈਲ ਸਿੰਘ ਆਰਟਿਸਟ ਨਾਲ ਆਪਣੀ ਲੰਮੀ ਸਾਂਝ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਸ਼ਖ਼ਸੀਅਤ ਅਤੇ ਕਲਾ ਦੇ ਵੱਖ-ਵੱਖ ਪੱਖਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਮੀਰਾ ਗਿੱਲ, ਕੁਲਜੀਤ ਕੌਰ, ਆਸ਼ਿਆਨਾ, ਸ਼ਾਇਰ ਜਸਵਿੰਦਰ, ਡਾ. ਅਮਰਜੀਤ ਭੁੱਲਰ, ਗੁਰਦੀਪ ਭੁੱਲਰ, ਡਾ. ਗੁਲਜ਼ਾਰ ਸਿੰਘ ਵਿਲਿੰਗ, ਅਜਮੇਰ ਰੋਡੇ, ਬਲਦੇਵ ਬਾਠ, ਇੰਦਰਜੀਤ ਧਾਮੀ, ਡਾ. ਗੁਰਵਿੰਦਰ ਧਾਲੀਵਾਲ, ਡਾ. ਗੁਰਮਿੰਦਰ ਸਿੱਧੂ, ਅਮਰਜੀਤ ਖਹਿਰਾ, ਸਤੀਸ਼ ਗੁਲਾਟੀ, ਜਰਨੈਲ ਸਿੰਘ ਆਰਟਿਸਟ ਦੀ ਬੇਟੀ ਨੀਤੀ ਸਿੰਘ, ਅਮਰੀਕ ਪਲਾਹੀ, ਕਵਿੰਦਰ ਚਾਂਦ, ਗੁਲਸ਼ਨ ਦਿਆਲ, ਸੁਰਜੀਤ ਕਲਸੀ, ਹਰਕੀਰਤ ਚਾਹਲ, ਬਲਰਾਜ ਬਾਸੀ, ਕੇਸਰ ਸਿੰਘ ਕੂਨਰ, ਮਹਿੰਦਰਪਾਲ ਸਿੰਘ ਪਾਲ,



ਗੁਰਦੇਵ ਸਿੰਘ ਦਰਦੀ, ਬਖ਼ਸ਼ਿੰਦਰ, ਨਵਲਪ੍ਰੀਤ ਰੰਗੀ, ਅਸ਼ੋਕ ਭਾਰਗਵ, ਕ੍ਰਿਸ਼ਨ ਬੈਕਟਰ ਅਤੇ ਪ੍ਰਿੰਅਕਾ ਨਿੱਝਰ ਸਮੇਤ ਹੋਰ ਸ਼ਖ਼ਸੀਅਤਾਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਸਮਾਗਮ ਦੌਰਾਨ ਗੁਰਦੀਪ ਭੁੱਲਰ ਵੱਲੋਂ ਜਰਨੈਲ ਸਿੰਘ ਆਰਟਿਸਟ ਦੇ ਜੀਵਨ ਅਤੇ ਕਲਾ ਸੰਬੰਧੀ ਤਿਆਰ ਕੀਤੀ ਗਈ ਇੱਕ ਖ਼ੂਬਸੂਰਤ ਡਾਕੂਮੈਂਟਰੀ ਫ਼ਿਲਮ ਵੀ ਪ੍ਰਦਰਸ਼ਿਤ ਕੀਤੀ ਗਈ। ਅੰਤ ਵਿੱਚ ਵੈਨਕੂਵਰ ਵਿਚਾਰ ਮੰਚ ਦੇ ਬੁਲਾਰੇ ਹਰਦਮ ਮਾਨ ਨੇ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਬੁਲਾਰਿਆਂ, ਸਹਿਯੋਗੀਆਂ, ਕਲਾ ਅਤੇ ਸਾਹਿਤ ਨਾਲ ਜੁੜੀਆਂ ਸ਼ਖ਼ਸੀਅਤਾਂ, ਜਰਨੈਲ ਸਿੰਘ ਆਰਟਿਸਟ ਦੇ ਪਰਿਵਾਰਕ ਮੈਂਬਰਾਂ, ਪ੍ਰਸ਼ੰਸਕਾਂ ਅਤੇ ਸਮਾਗਮ ਦੀ ਸਫ਼ਲਤਾ ਲਈ ਸਹਿਯੋਗ ਦੇਣ ਵਾਲੇ ਸਮੂਹ ਸੱਜਣਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਸਿਮਰਤੀ ਗ੍ਰੰਥ ਦੀ ਤਿਆਰੀ ਅਤੇ ਸਮਾਗਮ ਦੇ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਵੀ ਧੰਨਵਾਦ ਕੀਤਾ।


A TO Z DRIVING SCHOOL

ਲਰਨਿੰਗ ਲਾਇਸੈਂਸ

ਕਾਰ, ਟਰੱਕ/ ਮੋਟਰਸਾਈਕਲ
ਟੈਕਸੀ ਜਾਂ ਏਅਰ ਬਰੇਕ ਦਾ ਲਾਇਸੈਂਸ
ਪੰਜਾਬੀ ਵਿਚ ਲੈਣ ਲਈ ਸੰਪਰਕ ਕਰੋ

- ਲੇਡੀਜ਼ ਵਾਸਤੇ ਸੁਨਹਿਰੀ ਮੌਕਾ, ਹੁਣ ਤੁਸੀਂ ਕਾਰ ਦੀ ਤਰ੍ਹਾਂ ਬਿਨਾ ਗੇਅਰਾਂ ਤੋਂ ਕਲਾਸ 1 ਦਾ ਲਾਇਸੈਂਸ ਲੈ ਸਕਦੇ ਹੋ
- ਜੇ ਟਰੱਕ ਦਾ ਲਾਇਸੈਂਸ ਲੈਣਾ ਚਾਹੁੰਦੇ ਹੋ ਪਰ ਅੰਗਰੇਜੀ ਨਹੀਂ ਆਉਂਦੀ ਜਾਂ ਘੱਟ ਆਉਂਦੀ ਹੈ ਬੁੱਕ ਦੇਖ ਕੇ ਘਬਰਾ ਜਾਂਦੇ ਹੋ ਤਾਂ ਡਰੋ ਨਾ, ਹੁਣੇ ਫੋਨ ਕਰੋ




ਅਸੀਂ ਸਿਟੀਜਨਸ਼ਿਪ, ਨੈਸ਼ਨਲ ਸੇਫਟੀ ਕੋਡ ਦੀਆਂ ਕਲਾਸਾਂ ਲਗਾਉਂਦੇ ਹਾਂ

WE DO:
*CITIZENSHIP CLASSES
*NATIONAL SAFETY CODE (NSC) CLASSES

A to Z DRIVING SCHOOL

Lucky: 604-614-5365

Unit 15 - 8388 128 St., Surrey



TMG LOGISTICS INC.

Need Owner Operators

*Vancouver to California *California to Alberta Back Vancouver
*Vancouver to East USA Return

NOW HIRING

Good Paying Loads



Need Company Drivers

*Single Driver Pay 52cents/mile*
*Team Drivers 32 cents/mile*

FOR MORE INFORMATION CALL AT:

(604) 598-3680 Fax: 604-596-3681 Cell: 778-838-3680

#121-13140-80Ave Surrey, BC V3W 3B2

# ਦੁਰਗਾ ਪੂਜਾ ਦੌਰਾਨ ਮਾਸ ਖਾਣਾ ਵਿਵਾਦ ਦਾ ਵਿਸ਼ਾ ਨਹੀਂ:ਭਾਜਪਾ

ਕੋਲਕਾਤਾ:-ਪੱਛਮੀ ਬੰਗਾਲ ਦੇ ਭਾਜਪਾ ਸਰਕਾਰ ਦੇ ਪੰਚਾਇਤ ਤੇ ਪੇਂਡੂ ਵਿਕਾਸ ਮੰਤਰੀ ਦਿਲੀਪ ਘੋਸ਼ ਨੇ ਕਿਹਾ ਕਿ ਦੁਰਗਾ ਪੂਜਾ ਦੌਰਾਨ ਮਾਸ ਖਾਣਾ ਵਿਵਾਦ ਦਾ ਵਿਸ਼ਾ ਨਹੀਂ ਹੈ। ਉਨ੍ਹਾਂ ਦੀ ਇਹ ਟਿੱਪਣੀ ਬਾਗੇਸ਼ਵਰ ਧਾਮ ਦੇ ਮੁਖੀ ਧੀਰੇਂਦਰ ਸ਼ਾਸਤਰੀ ਵੱਲੋਂ ਬੰਗਾਲੀਆਂ ਨੂੰ ਦੁਰਗਾ ਪੂਜਾ ਦੌਰਾਨ ਮਾਸ ਨਾ ਖਾਣ ਦੀ ਅਪੀਲ ਕਰਨ ਤੋਂ ਪੈਦਾ ਹੋਏ ਵਿਵਾਦ ਦੌਰਾਨ ਆਈ ਹੈ। ਧੀਰੇਂਦਰ ਸ਼ਾਸਤਰੀ ਨੇ ਧਾਰਮਿਕ ਸਮਾਗਮ ਦੌਰਾਨ ਮਾਸ ਖਾਣ ਵਾਲਿਆਂ ਨੂੰ 'ਪਾਖੰਡੀ' ਕਿਹਾ ਸੀ।ਘੋਸ਼ ਨੇ ਕਿਹਾ ਕਿ ਬੰਗਾਲ ਵਿੱਚ ਦੁਰਗਾ ਪੂਜਾ ਦੌਰਾਨ ਬੱਕਰੇ ਦੀ ਬਲੀ ਦੇਣ ਦੀ ਪੁਰਾਣੀ ਰਵਾਇਤ ਹੈ ਅਤੇ ਇਸ ਨੂੰ ਪ੍ਰਸਾਦ ਵਜੋਂ ਖਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਪਸੰਦ ਦਾ ਭੋਜਨ ਖਾਣ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੰਤ ਆਪਣੀ ਸੋਚ ਅਨੁਸਾਰ ਸ਼ਾਕਾਹਾਰੀ ਭੋਜਨ ਨੂੰ ਸਿਹਤ ਲਈ ਚੰਗਾ ਦੱਸਦੇ ਹਨ। ਉਨ੍ਹਾਂ ਕਿਹਾ ਕਿ ਬੰਗਾਲ ਦੀਆਂ ਕਈ ਧਾਰਮਿਕ ਰਵਾਇਤਾਂ ਵਿੱਚ ਮਾਸ ਖਾਣਾ ਲੰਮੇ ਸਮੇਂ ਤੋਂ ਜੁੜਿਆ ਹੋਇਆ ਹੈ। ਘੋਸ਼ ਨੇ ਪਿਛਲੀ ਤ੍ਰਿਣਮੂਲ ਕਾਂਗਰਸ ਸਰਕਾਰ 'ਤੇ ਵੀ ਲੋਕਾਂ ਦੇ ਖਾਣ-ਪੀਣ 'ਚ ਦਖ਼ਲ ਦੇਣ ਦੀ ਕੋਸ਼ਿਸ਼ ਦਾ ਦੋਸ਼ ਲਾਇਆ।ਪੱਛਮੀ ਬੰਗਾਲ ਕਾਂਗਰਸ ਨੇ ਦੁਰਗਾ ਪੂਜਾ ਦੌਰਾਨ ਮਾਸ ਨਾ ਖਾਣ ਦੀ ਅਪੀਲ ਕਰਨ 'ਤੇ ਬਾਗੇਸ਼ਵਰ ਧਾਮ ਦੇ ਮੁਖੀ ਧੀਰੇਂਦਰ ਸ਼ਾਸਤਰੀ ਖ਼ਿਲਾਫ਼ ਪੁਲੀਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਕਾਂਗਰਸ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਟਿੱਪਣੀ ਨਾਲ ਬੰਗਾਲੀਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।

## Home Improvement


ਪੰਜਾਬ ਗਾਰਡੀਅਨ ਨਾਲ ਐਡ ਪਾਓ ਅਤੇ ਆਪਣਾ ਬਿਜ਼ਨਸ ਵਧਾਓ

ਪੰਜਾਬ ਗਾਰਡੀਅਨ

Call to Advertise
604-590-5200

TOOR LANDSCAPING & FENCE
RESIDENTIAL & COMMERCIAL
• ਅਸੀਂ ਨਵੇਂ ਅਤੇ ਪੁਰਾਣੇਂ ਘਰਾਂ ਵਿੱਚ ਫੈਂਸ ਲਾਉਣ ਦਾ ਕੰਮ ਕਰਦੇ ਹਾਂ।
• 2x3 ਦਾ ਫਰੇਮ ਸੋਲਿਡ $210 ਦਾ ਪੈਨਲ
• ਪੁਰਾਣੀ ਚੁੱਕ ਕੇ ਲੈ ਜਾਂਦੇ ਹਾਂ।
• ਕੰਮ ਦੀ ਪੂਰੀ ਪੂਰੀ ਗਰੰਟੀ ਹੈ।
• ਸਾਡੇ ਰੇਟ ਬਹੁਤ ਹੀ ਵਾਜ਼ਬ ਹਨ।




ਅਸੀਂ ਸਪੈਸ਼ਲ ਰੇਟਾਂ ਤੇ ਫੈਂਸ ਲਾਉਂਦੇ ਹਾਂ
ਅਸੀਂ ਲੋਹੇ ਅਤੇ ਵਾਈਨਲ ਦੀ ਫੈਂਸ ਵੀ ਲਾਉਂਦੇ ਹਾਂ
ਹੋਰ ਜਾਣਕਾਰੀ ਲਈ ਜਗਤਾਰ ਨੂੰ ਫੋਨ ਕਰੋ
ਅਸੀਂ ਮਸ਼ਰੂਮ ਦਾ ਢੇਰ ਡਿਲੀਵਰ ਕਰਦੇ ਹਾਂ ਅਤੇ ਪਾ ਕੇ ਵੀ ਜਾਂਦੇ ਹਾਂ।
604-729-3225
ਅਸੀਂ ਸਨ ਡੈੱਕ ਦੇ ਸਟੈਪ ਵੀ ਬਣਾਉਂਦੇ ਹਾਂ।
ਅਸੀਂ ਕਾਂਵਾਂ ਦਾ ਪੁੱਟਿਆ ਹੋਇਆ ਘਾਹ ਵੀ ਫਿਕਸ ਕਰਦੇ ਹਾਂ

SINGH RAJ
RENOVATION CO.




We noticed your house needs minor repair
Unsure ofyourhousehold fixtures?
Just to replace or repair? Get it Done Today!
We guaranteed Singh Raj Renovation is the smartest choice for household small jobs
*Residential Wooden Stairs Jobs
*Residential Doors & Lock Jobs
*Painting & Cleaning Jobs
*Wooden Cabinets Repair & Paint
*Minor Electrical Trouble Shooting & Replacement of Lights, Washroom fans, Range hoods
*Touble Shooting in Plumbing *Replacement of Tiles, Taps, Faucets.
SPECIALISTS IN
Maintain+Repair & New Installation
Reasonable Rates
20Yrs Exprienced
Call Raj: 778-229-9261

STORM
ELECTRIC LTD.
Residential & Commercial
Licenced & Bonded




*All Kinds Of Electrical Service
*Best Rate
*Friendly Service
*Quality Workmanship
Mandeep Dhaliwal
(Certified Electrician)
778-994-7207
Email:stormelectricltd@gmail.com

ਪੁਰਾਣੇ ਘਰਾਂ ਦੀ ਮੁਕੰਮਲ ਰੇਨੋਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਂਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲੰਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ



Contact for Kitchen Cabinet & Counter Tops in Homes
ਘਰ ਜਾਂ ਬੇਸਮੈਂਟ ਰਿਪੇਅਰ ਕਰਵਾਉਣ ਲਈ ਸੰਪਰਕ ਕਰੋ
236-234-4081

ਸੰਦਲ ਰੈਨੋਵੇਸ਼ਨ
Your's Complete Home Renovation
* ਫਰੇਮਿੰਗ * ਇਲੈਕਟ੍ਰੀਕਲ
* ਡਰਾਈਵਾਲ * ਪਲਬਿੰਗ
* ਪੇਂਟਿੰਗ * ਕਾਰਪੇਟ
* ਟਾਈਲਜ਼ * ਰੂਫਿੰਗ ਦਾ ਕੰਮ
* ਲੈਮੀਨੇਟ * ਸਨਡੈਕ ਦੀ ਰਿਪੇਅਰ
ਮੁਫਤ ਐਸਟੀਮੇਟ ਲਈ ਸੰਪਰਕ ਕਰੋ
ਭਿੰਦਰ: 604-725-6270

GARCHA Plumbing
Heating & Repair Ltd.




ਨਵੇਂ ਪੁਰਾਣੇ ਘਰਾਂ ਦੀ ਹੀਟਿੰਗ ਅਤੇ ਪਲੰਬਿੰਗ
* Hot Water Tank Replacement
* Boiler & Furnace Repair
* Drain Cleaning
* Certified Plumber



ਹਾਟ ਵਾਟਰ ਟੈਂਕ ਉਸੇ ਦਿਨ ਬਦਲ ਦੇ ਹਾਂ
Amarjit Singh Garcha
604-306-3276
Big Or Small, We Do It All

BT LINE PAINTING CO.
ਟੌਪਲਾਈਨ ਪੇਂਟਿੰਗ ਅਸੀਂ ਸਨਡੈਕ ਵੀ ਬਣਾਉਂਦੇ ਹਾਂ
SPECIALIZING IN:
Spray & Roller Panting * Interior & Exterior * Pressure Washing*
ਅਸੀਂ ਰੀ-ਰੂਫੀਂਗ, ਫਰੇਮਿੰਗ ਅਤੇ ਡਰਾਈਵਾਲ ਦਾ ਕੰਮ ਵੀ ਕਰਦੇ ਹਾਂ।
ਹਰ ਕਿਸਮ ਦੀ ਰੈਨੋਵੇਸ਼ਨ, ਵਾਸ਼ਰੂਮ, ਹਾਰਡਵੁਡ ਫਲੋਰਿੰਗ, ਬੇਸਮੈਂਟ, ਟਾਈਲਾਂ ਆਦਿ
ਕਮਰਸ਼ੀਅਲ ਐਂਡ ਰੈਜ਼ੀਡੈਂਸ਼ੀਅਲ * ਕੁਆਲਟੀ ਵਰਕ * ਵਾਜਬ ਰੇਟ
For FREE estimates call Mr. Kulwant Singh Boyal
Cell: 604-340-7497 Res: 604-543-8064

# ਅਮਿਤ ਸ਼ਾਹ ਦੀ ਨਿਗਰਾਨੀ ਹੇਠ ਦਿੱਲੀ ਅਪਰਾਧ ਰਾਜਧਾਨੀ ਬਣ ਗਈ ਹੈ:ਖੜਗੇ

ਨਵੀਂ ਦਿੱਲੀ: ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਕਿਹਾ ਹੈ ਕਿ ਨਵੀਂ ਦਿੱਲੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਨਿਗਰਾਨੀ ਹੇਠ ਅਪਰਾਧ ਰਾਜਧਾਨੀ ਬਣ ਗਈ ਹੈ, ਰਾਜਧਾਨੀ ਵਿੱਚ ਇੱਕ ਮਨੀਪੁਰੀ ਸੰਗੀਤਕਾਰ ਦੀ ਹੱਤਿਆ ਤੋਂ ਬਾਅਦ, ਜਿਸ ‘ਤੇ ਉਸਦੀ ਰਿਹਾਇਸ਼ ਦੇ ਬਾਹਰ ਹਮਲਾ ਕੀਤਾ ਗਿਆ ਸੀ।ਮਨੀਪੁਰੀ ਸੰਗੀਤਕਾਰ ਸੀ ਵਿਕਰਮ ਸਿੰਘ, 54, ਦੀ ਸੋਮਵਾਰ ਨੂੰ ਕਿਲੋਕਰੀ ਪਿੰਡ ਵਿੱਚ ਉਸਦੇ ਘਰ ਦੇ ਬਾਹਰ ਡਿਲੀਵਰੀ ਕਰਮਚਾਰੀਆਂ ਅਤੇ ਢਾਬਾ ਸਟਾਫ ਦੇ ਇੱਕ ਸਮੂਹ ਦੁਆਰਾ ਹਮਲਾ ਕੀਤੇ ਜਾਣ ਤੋਂ ਬਾਅਦ ਮੌਤ ਹੋ ਗਈ। ਇਹ ਘਟਨਾ ਕਥਿਤ ਤੌਰ ‘ਤੇ ਉਸ ਸਮੇਂ ਵਾਪਰੀ ਜਦੋਂ ਉਸਨੇ ਆਪਣੇ ਘਰ ਦੇ ਬਾਹਰ ਉਨ੍ਹਾਂ ਦੇ ਰੌਲਾ ਪਾਉਣ ਅਤੇ ਪਰੇਸ਼ਾਨੀ ‘ਤੇ ਇਤਰਾਜ਼ ਕੀਤਾ।ਯ ‘ਤੇ ਇੱਕ ਪੋਸਟ ਵਿੱਚ, ਖੜਗੇ ਨੇ ਇਸ ਹੱਤਿਆ ਨੂੰ ਭਾਜਪਾ ਸਰਕਾਰ ਦੇ ਅਧੀਨ ਪੂਰੀ ਤਰ੍ਹਾਂ ਅਰਾਜਕਤਾ ਦੀ ਇੱਕ ਹੋਰ ਭਿਆਨਕ ਯਾਦ ਦਿਵਾਈ। ਉਸਨੇ ਕਿਹਾ ਕਿ ਵਿਦਿਆਰਥੀ ਸੁਰੱਖਿਅਤ ਨਹੀਂ ਸਨ, ਔਰਤਾਂ ਨੂੰ ਹਰ ਰੋਜ਼ ਅੱਤਿਆਚਾਰਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਅਤੇ ਉੱਤਰ-ਪੂਰਬੀ ਭਾਰਤ ਦੇ ਲੋਕਾਂ ਨੂੰ ਵਿਤਕਰੇ ਦਾ ਸ਼ਿਕਾਰ ਹੋਣਾ ਪੈਂਦਾ ਸੀ। ਉਸਨੇ ਅੱਗੇ ਕਿਹਾ ਕਿ ਦਲਿਤ, ਆਦਿਵਾਸੀ ਅਤੇ ਘੱਟ ਗਿਣਤੀਆਂ ਖਾਸ ਤੌਰ ‘ਤੇ ਕਮਜ਼ੋਰ ਅਤੇ ਅਸੁਰੱਖਿਅਤ ਰਹੇ।











# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਐਬਟਸਫੋਰਡ ਵਿੱਚ ਸਜਾਏ ਗਏ ਮਹਾਨ ਨਗਰ ਕੀਰਤਨ ਦੀਆਂ ਝਲਕੀਆਂ



















ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਵਾਰੀ ਗੁਰੂ ਜੀ ਦੀ ਕਿਰਪਾ ਸਦਕਾ ਇੱਕ ਵੀ ਸ਼ਿਕਾਇਤ ਨਹੀਂ ਮਿਲੀ। ਇਸ ਲਈ ਸੰਗਤਾਂ ਵਧਾਈ ਦੀਆਂ ਪਾਤਰ ਹਨ।ਮੁੱਖ ਸੇਵਾਦਾਰ ਗੁਰਜੀਤ ਸਿੰਘ ,ਖਜਾਨਚੀ ਮੋਤਾ ਸਿੰਘ ਅਤੇ ਸਮੁੱਚੀ ਪ੍ਰਬੰਧ ਕਮੇਟੀ ਨੇ ਸਾਰੀਆਂ ਸੰਗਤਾਂ, ਵਲੰਟੀਅਰਜ਼, ਟਰੱਕਾਂ ਵਾਲੇ ਵੀਰਾਂ ਤੇ ਲੰਗਰ ਲਾਉਣ ਵਾਲੇ ਪ੍ਰੀਵਾਰਾਂ ਕੰਪਨੀਆਂ ਦਾ ਧੰਨਵਾਦ ਕੀਤਾ।ਖਾਸ ਕਰਕੇ ਅਮਰੀਕਾ ਤੇ ਹੋਰ ਸ਼ਹਿਰਾਂ ਵਿੱਚੋਂ ਆਈਆਂ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਪੰਜਾਬੀ ਅਤੇ ਅੰਗਰੇਜ਼ੀ ਮੀਡੀਆ ਤੋਂ ਆਉਣ ਵਾਲੇ ਸਮੇਂ ਵਿੱਚ ਪੂਰਨ ਸਹਿਯੋਗ ਦੀ ਆਸ ਰੱਖਦੇ ਹੋਏ ਉਮੀਦ ਜਾਹਿਰ ਕੀਤੀ ਕਿ ਇਸ ਤਰ੍ਹਾਂ ਹੀ ਸਹਿਯੋਗ ਦਿੰਦੇ ਰਹਿਣਗੇ।

TIRES & RIMS LTD.

Mobile Service 24/7
Proffesional & Reliable Service



- New & Used Tires
- Wheel Allignment
- Road Side Assistance
- Tire Rotation
- Flat Tire Repairs
- Brakes •Repairs

ਅਸੀਂ ਤੁਹਾਡੀ ਸਾਈਟ ਤੇ ਆ ਕੇ ਸਰਵਿਸ ਪ੍ਰਦਾਨ ਕਰਦੇ ਹਾਂ
ਸਾਡੇ ਕੋਲ Tires & Rims ਦੀ ਭਾਰੀ ਸਿਲੈਕਸ਼ਨ ਹੈ

10% Off on Set of New 4 Tires

All season & winter tires available all year, for any car/truck
Wheel Allignment Mounting / Balancing & Installation on all tires

Ph:604-712-3870

Email:ogtiresandrims@gmail.com
Website:www.ogtiresandrims.ca
#106-13030-115Ave, Surrey

Discover the Real Punjabi Tadka

Chawla's[2] SINCE 1960
The Famous Taste of Punjab

Veg & Non Veg

NOW OPEN
IN SURREY




Ph:778-637-0006

#107-8363 -128St, Surrey Hours:Wednesday to Monday 10AM to 12 AM Closed:Tuesday